ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 8 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੪ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਮੁੱਖ ਮੰਤਰੀ ਮਾਨ ਨੇ 293 ਨੌਜਵਾਨਾਂ ਨੂੰ ਸੌਂਪੇ ਨਿਯੁਕਤੀ ਪੱਤਰ

### ਕਿਹਾ-ਵਿਦੇਸ਼ ਜਾਣਾ ਤਾਂ ਘੁੰਮਣ ਜਾਓ, ਹੁਣ ਇੱਥੇ ਵੀ ਮਿਲ ਰਿਹਾ ਰੁਜ਼ਗਾਰ

ਚੰਡੀਗੜ੍ਹ,7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸ਼ਨੀਵਾਰ ਨੂੰ ਫਿਰ ਤੋਂ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ। ਅੱਜ 293 ਨੌਜਵਾਨਾਂ ਨੂੰ ਸਿਹਤ ਵਿਭਾਗ ਵੱਲੋਂ ਰੁਜ਼ਗਾਰ ਦਿੱਤਾ ਗਿਆ। ਸੀਐਮ ਮਾਨ ਨੇ ਦੱਸਿਆ ਕਿ ਹੁਣ ਤੱਕ ਉਹ 44974 ਦੇ ਕਰੀਬ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪ ਚੁੱਕੇ ਹਨ ਪਰ ਅੱਜ ਵੀ ਵਿਰੋਧੀ ਇਸ ਨੂੰ ਮੰਨਣ ਨੂੰ ਤਿਆਰ ਨਹੀਂ ਹਨ। ਅੱਜ ਵੀ ਉਹ ਇਸ 'ਤੇ ਵਿਸ਼ਵਾਸ ਨਹੀਂ ਕਰ ਸਕਦੇ ਅਤੇ ਉਸ ਦੀ ਆਲੋਚਨਾ ਕਰਨ ਵਿੱਚ ਲੱਗੇ ਹੋਏ ਹਨ। ਨਿਯੁਕਤੀ ਪੱਤਰ ਵੰਡਣ ਦਾ ਇਹ ਪ੍ਰੋਗਰਾਮ ਮਿਉਂਸਪਲ ਭਵਨ ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ ਹੈ। ਸੀਐਮ ਭਗਵੰਤ ਮਾਨ ਦੇ ਨਾਲ ਸਿਹਤ ਮੰਤਰੀ ਡਾ ਬਲਬੀਰ ਸਿੰਘ ਵੀ ਪਹੁੰਚੇ ਹਨ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸੀਐਮ ਨੇ ਸਾਰੇ ਨੌਜਵਾਨਾਂ ਨੂੰ ਵਧਾਈ ਦਿੱਤੀ। ਬਾਕੀ ਸਫ਼ਾ-2 'ਤੇ



## ETT 5994 ਦੀ ਭਰਤੀ ਹੁਣ ਚੜ੍ਹੇਗੀ ਸਿਰੇ, ਬੈਕਲਾਗ ਯੂਨੀਅਨ ਨੇ ਮੰਤਰੀ ਨਾਲ ਕੀਤੀ ਮੁਲਾਕਾਤ, ਦਿੱਤਾ ਭਰੋਸਾ

ਚੰਡੀਗੜ੍ਹ,7 ਸਤੰਬਰ (ਆਵਜ਼ਿ ਕੌ ਬਿਊਰੋ)- ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ ਬਲਜੀਤ ਕੌਰ ਨੇ ਈ.ਟੀ.ਟੀ 5994 ਬੈਕਲਾਗ ਯੂਨੀਅਨ (ਪੰਜਾਬ) ਦੇ ਨੁਮਾਇੰਦਿਆਂ ਨਾਲ ਉਹਨਾਂ ਦੀਆਂ ਮੰਗਾਂ ਸਬੰਧੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਯੂਨੀਅਨ ਦੇ ਨੁਮਾਇੰਦਿਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਡਾ ਬਲਜੀਤ ਕੌਰ ਦਾ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ੍ਰੇਣੀਆਂ ਦੇ ਬੈਕਲਾਗ ਦੀਆਂ ਅਸਾਮੀਆਂ ਨੂੰ ਭਰਨ ਲਈ ਸਰਕਾਰ ਵੱਲੋਂ ਪ੍ਰਕਿਰਿਆ ਸ਼ੁਰੂ ਕਰਨ ਲਈ ਧੰਨਵਾਦ ਕੀਤਾ। ਕੈਬਨਿਟ ਮੰਤਰੀ ਨੇ ਯੂਨੀਅਨ ਨੂੰ ਭਰੋਸਾ ਦਿੰਦਿਆਂ ਦੱਸਿਆ ਕਿ ਈ.ਟੀ.ਟੀ. ਅਧਿਆਪਕਾਂ ਦੀਆਂ 5994 ਬਾਕੀ ਸਫ਼ਾ-2 'ਤੇ



## ਲੰਡਨ ਭਾਰਤੀ ਹਾਈਕਮਿਸ਼ਨ ਹਿੰਸਾ ਮਾਮਲੇ 'ਚ ਖਾਸਿਲਤਾਨੀ ਸਮਰਥਕ ਖਿਲਾਫ਼ ਐਨਆਈਏ ਦੀ ਵੱਡੀ ਕਾਰਵਾਈ

ਚੰਡੀਗੜ੍ਹ,7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਐਨਆਈਏ ਨੇ ਪਿਛਲੇ ਸਾਲ ਮਾਰਚ 2023 'ਚ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ 'ਚ ਹੋਈ ਭੰਨਤੋੜ ਦੇ ਮਾਮਲੇ 'ਚ ਬ੍ਰਿਟਿਸ਼ ਨਾਗਰਿਕ ਇੰਦਰਪਾਲ ਸਿੰਘ ਗਾਬਾ ਖਿਲਾਫ ਚਾਰਜਸ਼ੀਟ ਦਾਇਰ ਕੀਤੀ ਹੈ। ਗਾਬਾ ਪਿਛਲੇ ਸਾਲ ਦਸੰਬਰ ਵਿੱਚ ਅੰਮ੍ਰਿਤਸਰ ਦੇ ਅਟਾਰੀ ਬਾਰਡਰ ਤੋਂ ਫੜਿਆ ਗਿਆ ਸੀ। ਉਹ ਪਾਕਿਸਤਾਨ ਤੋਂ ਅੰਮ੍ਰਿਤਸਰ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਲਈ ਆ ਰਿਹਾ ਸੀ। ਐਨਆਈਏ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇੰਦਰਪਾਲ ਸਿੰਘ ਗਾਬਾ ਬ੍ਰਿਟਿਸ਼ ਨਾਗਰਿਕ ਹੈ ਅਤੇ ਹਾਉਂਸਲੋ ਵਿੱਚ ਰਹਿੰਦਾ ਹੈ। ਬਾਕੀ ਸਫ਼ਾ-2 'ਤੇ




WHO ਦੀ ਹੈਰਾਨ ਕਰਨ ਵਾਲੀ ਰਿਪੋਰਟ ਆਈ ਸਾਹਮਣੇ

# 2030 ਤੱਕ 70 ਫੀਸਦੀ ਮੌਤਾਂ ਦਾ ਕਾਰਨ ਹੋਵੇਗਾ ਮੋਟਾਪਾ ਅਤੇ ਦਿਲ ਦੀਆਂ ਬਿਮਾਰੀਆਂ

■ ਵਿਸ਼ਵ ਸਿਹਤ ਸੰਗਠਨ ਦੀ ਹੈਰਾਨ ਕਰਨ ਵਾਲੀ ਰਿਪੋਰਟ ਨਿਕਲ ਕੇ ਸਾਹਮਣੇ ਆਈ ਹੈ। ਜਿਸ ਦੇ ਵਿੱਚ ਦੱਸਿਆ ਗਿਆ ਹੈ ਕਿ 2030 ਤੱਕ ਮੋਟਾਪੇ ਅਤੇ ਦਿਲ ....

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

**ਮਾੜੀ ਜੀਵਨ ਸ਼ੈਲੀ ਸਾਡੀ ਸਿਹਤ 'ਤੇ ਸਿੱਧਾ ਅਸਰ** ਪਾ ਰਹੀ ਹੈ। ਵਿਸ਼ਵ ਸਿਹਤ ਸੰਗਠਨ ਦੀ ਰਿਪੋਰਟ ਅਨੁਸਾਰ 2030 ਤੱਕ ਮੋਟਾਪੇ ਅਤੇ ਦਿਲ ਦੀਆਂ ਬਿਮਾਰੀਆਂ ਦੇ 50 ਕਰੋੜ ਨਵੇਂ ਮਾਮਲੇ ਸ਼ਾਮਲ ਹੋਣਗੇ। ਜਿਸ ਵਿੱਚ ਔਰਤਾਂ ਦੀ ਗਿਣਤੀ ਵੱਧ ਹੋਵੇਗੀ। ਇਸ ਦੇ ਨਾਲ ਹੀ ਵਿਸ਼ਵ ਸਿਹਤ ਸੰਗਠਨ ਦੀ ਇੱਕ ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ 2030 ਤੱਕ ਪੁਰਾਣੀ ਜੀਵਨ ਸ਼ੈਲੀ ਦੀਆਂ ਬਿਮਾਰੀਆਂ ਦੇ ਮਾਮਲੇ 70 ਫੀਸਦੀ ਤੱਕ ਵਧ ਜਾਣਗੇ। ਖਾਸ ਕਰਕੇ ਕੰਮਕਾਜੀ ਲੋਕਾਂ ਵਿੱਚ ਸਿਹਤ ਸੰਬੰਧੀ ਸਮੱਸਿਆਵਾਂ ਤੇਜ਼ੀ ਨਾਲ ਵੱਧ ਰਹੀਆਂ ਹਨ। ਬਾਅਦ ਵਿੱਚ, ਇਹ ਗੰਭੀਰ ਬਿਮਾਰੀਆਂ ਵਿੱਚ ਬਦਲ ਸਕਦੇ ਹਨ। ਦਿਲ ਨਾਲ ਸਬੰਧਤ ਬਿਮਾਰੀਆਂ ਦੀ ਤਰ੍ਹਾਂ ਸਟ੍ਰੋਕ, ਸ਼ੂਗਰ, ਮੋਟਾਪਾ, ਮੈਟਾਬੋਲਿਕ ਸਿੰਡਰੋਮ ਅਤੇ ਕੈਂਸਰ ਦਾ ਖ਼ਤਰਾ ਕਾਫ਼ੀ ਵੱਧ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ ਨੇ ਇਸ ਖੋਜ ਵਿੱਚ ਕਿਹਾ ਹੈ ਕਿ 2030 ਤੱਕ ਪੁਰਾਣੀ ਜੀਵਨ ਸ਼ੈਲੀ ਦੀਆਂ ਬਿਮਾਰੀਆਂ ਦੁਨੀਆ ਭਰ ਵਿੱਚ ਮੌਤਾਂ ਦਾ ਇੱਕ ਵੱਡਾ ਕਾਰਨ ਬਣਨ ਜਾ ਰਹੀਆਂ ਹਨ। ਜਿਸ ਨਾਲ 70 ਫੀਸਦੀ ਮੌਤਾਂ ਬਾਕੀ ਸਫ਼ਾ-2 'ਤੇ

### ਇਨ੍ਹਾਂ ਬਿਮਾਰੀਆਂ ਦਾ ਖ਼ਤਰਾ ਵੱਧ ਰਿਹਾ ਹੈ

**ਕਈ ਮੈਡੀਕਲ ਰਿਪੋਰਟਾਂ ਵਿੱਚ ਇਹ ਪਾਇਆ ਗਿਆ ਹੈ** ਕਿ ਮਰਦਾਂ ਨੂੰ ਸ਼ੂਗਰ ਅਤੇ ਦਿਲ ਨਾਲ ਸਬੰਧਤ ਬਿਮਾਰੀਆਂ ਦਾ ਖ਼ਤਰਾ ਜ਼ਿਆਦਾ ਹੋਵੇਗਾ। ਇਸ ਦੇ ਨਾਲ ਹੀ ਔਰਤਾਂ 'ਚ ਵਧਦੇ ਮੋਟਾਪੇ ਕਾਰਨ ਕਈ ਗੰਭੀਰ ਬਿਮਾਰੀਆਂ ਦਾ ਖਤਰਾ ਬਣਿਆ ਰਹਿੰਦਾ ਹੈ। ਅਜਿਹੀ ਸਥਿਤੀ ਵਿੱਚ, ਤੁਹਾਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਲਈ ਆਪਣੀ ਜੀਵਨ ਸ਼ੈਲੀ ਵਿੱਚ ਬਦਲਾਅ ਕਰਨਾ ਚਾਹੀਦਾ ਹੈ। ਆਪਣੇ ਖਾਣ-ਪੀਣ ਦੀਆਂ ਰੁਟੀਨ ਅਤੇ ਹੋਰ ਆਦਤਾਂ ਨੂੰ ਸਮੇਂ ਸਿਰ ਬਦਲੋ। ਤਾਂ ਜੋ ਤੁਸੀਂ ਲੰਬੇ ਸਮੇਂ ਤੱਕ ਸਿਹਤਮੰਦ ਰਹਿ ਸਕੋ।

**ਬਿਮਾਰੀਆਂ ਤੋਂ ਕਿਵੇਂ ਬਚਿਆ ਜਾਵੇ:** ਜੀਵਨ ਸ਼ੈਲੀ ਦੀਆਂ ਬਿਮਾਰੀਆਂ ਤੋਂ ਬਚਣ ਲਈ ਤੁਹਾਨੂੰ ਕਿਸੇ ਦਵਾਈ ਦੀ ਲੋੜ ਨਹੀਂ ਹੈ। ਤੁਹਾਨੂੰ ਬੱਸ ਆਪਣੀ ਰੋਜ਼ਾਨਾ ਦੀ ਰੁਟੀਨ ਨੂੰ ਠੀਕ ਕਰਨਾ ਹੋਵੇਗਾ। ਸਮੇਂ ਸਿਰ ਸੌਂਵੋ ਅਤੇ 7 ਘੰਟੇ ਚੰਗੀ ਨੀਂਦ ਲਓ। ਸਮੇਂ ਸਿਰ ਭੋਜਨ ਖਾਓ ਅਤੇ ਆਪਣੀ ਖੁਰਾਕ ਵਿੱਚ ਬਾਕੀ ਸਫ਼ਾ-2 'ਤੇ

## ਭੰਗ ਦੀ ਖੇਤੀ ਨੂੰ ਵੈਧ ਬਣਾਉਣ ਲਈ ਹਿਮਾਚਲ ਪ੍ਰਦੇਸ਼ ਵਿਧਾਨ ਸਭਾ'ਚ ਹੋਇਆ ਅਹਿਮ ਮਤਾ ਪਾਸ



ਸ਼ਿਮਲਾ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)-ਵਿਧਾਨ ਸਭਾ ਕਮੇਟੀ ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਨੇ ਭੰਗ ਦੀ ਖੇਤੀ ਨੂੰ ਵੈਧ ਬਣਾਉਣ ਲਈ ਅਹਿਮ ਮਤਾ ਪਾਸ ਕੀਤਾ ਹੈ। ਕਮੇਟੀ ਨੇ ਸੂਬੇ ਲਈ ਵਿੱਤੀ ਜਾਇਦਾਦ ਵਜੋਂ ਇਸ ਦੀ ਸਮਰੱਥਾ 'ਤੇ ਰੋਸ਼ਨੀ ਪਾਉਂਦਿਆਂ ਮੈਡੀਕਲ ਤੇ ਸਨਅਤੀ ਮਕਸਦਾਂ ਲਈ ਭੰਗ ਦੀ ਖੇਤੀ ਦਾ ਮਤਾ ਪੇਸ਼ ਕੀਤਾ। ਮਾਲ ਮੰਤਰੀ ਤੇ ਵਿਧਾਨ ਸਭਾ ਕਮੇਟੀ ਦੇ ਪ੍ਰਧਾਨ ਜਗਤ ਸਿੰਘ ਨੇਗੀ ਨੇ ਰਿਪੋਰਟ ਤੇ ਭੰਗ ਦੀ ਖੇਤੀ ਦੇ ਸੰਭਾਵੀ ਫਾਇਦਿਆਂ ਬਾਰੇ ਵਿਸਤਾਰ ਨਾਲ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇਹ ਵਿਚਾਰ ਸ਼ੁਰੂ 'ਚ ਨਿਯਮ 130 ਤਹਿਤ ਵਿਧਾਨ ਬਾਕੀ ਸਫ਼ਾ-2 'ਤੇ

### ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ

## ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਗੋਲਡ ਮੈਡਲ ਨਾਲ ਸਨਮਾਨ



ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ ਅਮਰ ਸ਼ਹੀਦ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਪੋਤਰਿਆਂ ਅਤੇ ਭਾਈ ਇੰਦਰਜੀਤ ਸਿੰਘ ਦੇ ਸਪੁੱਤਰਾਂ, ਭਾਈ ਭੁਪਿੰਦਰ ਸਿੰਘ, ਭਾਈ ਹਰੀ ਸਿੰਘ ਜੀ , ਭਾਈ ਹਰਛਾਣ ਸਿੰਘ ਅਤੇ ਸ਼ਹੀਦ ਬਾਬਾ ਗੁਰਬਚਨ ਸਿੰਘ ਮਾਨੋਚਾਹਲ ਦੇ ਸਪੁੱਤਰਾਂ ਦੀ ਹਾਜਰੀ ਵਿੱਚ ਕੀਤਾ ਗਿਆ ਗੋਲਡ ਮੈਡਲ ਨਾਲ ਸਨਮਾਨ।

(ਪੂਰੀ ਖ਼ਬਰ ਫੋਟੋ ਸਮੇਤ ਸਫਾ-17 ਤੋਂ ਲੈ ਕੇ 20 ਤੱਕ ਪੜ੍ਹੋ)

## ਫਿਰੋਜ਼ਪੁਰ ਤੀਹਰੇ ਕਤਲ ਮਾਮਲੇ ਵਿਚ ਵੱਡੀ ਕਾਰਵਾਈ, 7 ਸ਼ੂਟਰਾਂ ਨੂੰ ਕੀਤਾ ਗ੍ਰਿਫ਼ਤਾਰ



ਫਿਰੋਜ਼ਪੁਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)-ਪੁਲਿਸ ਨੇ ਫ਼ਿਰੋਜ਼ਪੁਰ ਵਿਚ ਤੀਹਰੇ ਕਤਲ ਕਾਂਡ ਦੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਮਿਲੀ ਹੈ ਕਿ ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ ਅਤੇ ਔਰੰਗਾਬਾਦ ਪੁਲਿਸ ਦੀ ਸਾਂਝੀ ਕਾਰਵਾਈ ਸਦਕਾ ਫ਼ਿਰੋਜ਼ਪੁਰ ਵਿੱਚ ਤੀਹਰੇ ਕਤਲ ਕਾਂਡ ਦੇ 7 ਮੁਲਜ਼ਮ ਗ੍ਰਿਫ਼ਤਾਰ ਕਰ ਲਏ ਗਏ ਹਨ। ਦੱਸ ਦਈਏ ਕਿ ਕੁਝ ਦਿਨ ਪਹਿਲਾਂ ਫ਼ਿਰੋਜ਼ਪੁਰ ਦੇ ਅਕਾਲਗੜ੍ਹ ਗੁਰਦੁਆਰਾ ਸਾਹਿਬ ਦੇ ਸਾਹਮਣੇ ਚਿੱਟੇ ਰੰਗ ਦੀ ਕਾਰ ਵਿਚ ਸਵਾਰ 5 ਵਿਅਕਤੀਆਂ ਉਤੇ ਹਮਲਾਵਰਾਂ ਵੱਲੋਂ ਅੰਨ੍ਹੇਵਾਹ ਫਾਇਰਿੰਗ ਕੀਤੀ ਗਈ ਸੀ, ਜਿਸ 'ਚ 2 ਨੌਜਵਾਨਾਂ ਅਤੇ 1 ਲੜਕੀ ਦੀ ਮੌਤ ਹੋ ਗਈ ਸੀ ਅਤੇ 2 ਗੰਭੀਰ ਜ਼ਖ਼ਮੀ ਹੋ ਗਏ ਸਨ। ਇਸ ਮਾਮਲੇ ਵਿਚ ਸੀਸੀਟੀਵੀ ਵੀਡੀਓ ਵੀ ਸਾਹਮਣੇ ਆਈਆਂ ਸਨ, ਜਿਸ 'ਚ ਦੇਖਿਆ ਜਾ ਸਕਦਾ ਹੈ ਕਿ ਕਿਵੇਂ ਕੁਝ ਨੌਜਵਾਨ ਅੰਨ੍ਹੇਵਾਹ ਫਾਇਰਿੰਗ ਕਰ ਰਹੇ ਹਨ। ਨੌਜਵਾਨ ਦੋ ਮੋਟਰਸਾਈਕਲਾਂ 'ਤੇ ਆਏ ਸਨ। ਪਹਿਲਾਂ ਤਾਂ ਉਹ ਕੁਝ ਦੇਰ ਖੜ੍ਹੇ ਰਹੇ ਅਤੇ ਫ਼ੋਨ 'ਤੇ ਗੱਲ ਕਰਦੇ ਰਹੇ, ਜਿਵੇਂ ਹੀ ਕਾਰ ਮੋੜ 'ਤੇ ਆਈ ਤਾਂ ਉਨ੍ਹਾਂ ਨੇ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਮੁਲਜ਼ਮਾਂ ਨੂੰ ਔਰੰਗਾਬਾਦ ਤੋਂ ਕਾਬੂ ਕੀਤਾ ਗਿਆ ਹੈ। ਔਰੰਗਾਬਾਦ ਕ੍ਰਾਈਮ ਬ੍ਰਾਂਚ ਨੇ ਦਿਨ-ਦਿਹਾੜੇ ਤੀਹਰੇ ਕਤਲ ਨੂੰ ਅੰਜਾਮ ਦੇ ਕੇ ਫਰਾਰ ਹੋਏ 7 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਹੈ। ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ ਨੂੰ ਇਨਪੁਟ ਸੀ ਕਿ ਇਹ ਛੇ ਮੁਲਜ਼ਮ ਔਰੰਗਾਬਾਦ ਵਿੱਚ ਲੁਕੇ ਹੋਏ ਹਨ। ਇਸ ਤੋਂ ਬਾਅਦ ਇਸ ਦੀ ਬਾਕੀ ਸਫ਼ਾ-2 'ਤੇ

### ਹਿਰਾਸਤ 'ਚ ਹੋਈ ਮੌਤ ਦਾ ਮਾਮਲਾ

## ਕਤਲ ਦਾ ਦੋਸ਼ੀ ਪਾਇਆ ਗਿਆ ਡੀਐਸਪੀ, 2 ਪੁਲਿਸ ਮੁਲਾਜ਼ਮਾਂ ਨੂੰ ਉਮਰ ਕੈਦ




ਚੰਡੀਗੜ੍ਹ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਤੇ ਹਰਿਆਣਾ ਹਾਈਕੋਰਟ ਨੇ 1995 ਵਿੱਚ ਗਮਦੂਰ ਸਿੰਘ ਦੀ ਹਿਰਾਸਤ ਵਿੱਚ ਹੋਈ ਮੌਤ ਦੇ ਮਾਮਲੇ ਵਿੱਚ ਇੱਕ ਡਿਪਟੀ ਸੁਪਰਡੈਂਟ ਆਫ਼ ਪੁਲਿਸ ਗੁਰਸੇਵਕ ਸਿੰਘ ਤੇ ਚਾਰ ਹੋਰ ਪੁਲਿਸ ਮੁਲਾਜ਼ਮਾਂ ਨੂੰ ਕਤਲ ਦਾ ਦੋਸ਼ੀ ਠਹਿਰਾਇਆ ਹੈ। ਇਨ੍ਹਾਂ ਵਿੱਚੋਂ ਦੋ ਪੁਲੀਸ ਮੁਲਾਜ਼ਮਾਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ, ਜਦੋਂ ਕਿ ਡੀਐਸਪੀ ਤੇ ਦੋ ਹੋਰਨਾਂ ਨੂੰ 12 ਸਤੰਬਰ ਨੂੰ ਅਦਾਲਤ ਵਿੱਚ ਪੇਸ਼ ਕਰਨ ਦੇ ਹੁਕਮ ਦਿੱਤੇ ਹਨ, ਜਿੱਥੇ ਉਨ੍ਹਾਂ ਨੂੰ ਸਜ਼ਾ ਸੁਣਾਈ ਜਾਵੇਗੀ। ਇਸ ਤੋਂ ਪਹਿਲਾਂ ਹੇਠਲੀ ਅਦਾਲਤ ਨੇ ਡੀਐਸਪੀ ਤੇ ਹੋਰ ਮੁਲਜ਼ਮਾਂ ਨੂੰ ਕਤਲ ਦੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਸੀ। ਪੰਜਾਬ ਸਰਕਾਰ ਨੇ ਇਸ ਖ਼ਿਲਾਫ਼ ਹਾਈਕੋਰਟ 'ਚ ਅਪੀਲ ਦਾਇਰ ਕੀਤੀ ਸੀ, ਜਿਸ 'ਤੇ ਸੁਣਵਾਈ ਕਰਦੇ ਹੋਏ ਹਾਈਕੋਰਟ ਨੇ ਦੋਸ਼ੀ ਠਹਿਰਾਇਆ। ਜਸਟਿਸ ਸੁਰੇਸ਼ਵਰ ਠਾਕੁਰ ਅਤੇ ਜਸਟਿਸ ਸੁਦੀਪਤੀ ਸ਼ਰਮਾ ਦੀ ਡਿਵੀਜ਼ਨ ਬੈਂਚ ਨੇ ਕਿਹਾ ਕਿ ਡੀਐਸਪੀ ਗੁਰਸੇਵਕ ਸਿੰਘ ਨੂੰ ਵੀ ਆਈਪੀਸੀ ਦੀ ਧਾਰਾ 302 (ਕਤਲ) ਅਤੇ 34 (ਕੰਪਾਊਂਡ ਕ੍ਰਾਈਮ) ਤਹਿਤ ਦੋਸ਼ੀ ਠਹਿਰਾਇਆ ਜਾ ਸਕਦਾ ਹੈ। ਦੱਸ ਦੇਈਏ ਕਿ 14 ਨਵੰਬਰ 1995 ਨੂੰ ਗਮਦੂਰ ਸਿੰਘ ਤੇ ਬਘੇਲ ਸਿੰਘ ਨੂੰ ਰੇਲਵੇ ਪੁਲਿਸ ਸੰਗਰੂਰ ਨੇ ਹਿਰਾਸਤ ਵਿੱਚ ਲਿਆ ਸੀ। ਉਸ ਨੂੰ 9 ਦਿਨਾਂ ਦੀ ਹਿਰਾਸਤ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ ਪਰ ਗਮਦੂਰ ਸਿੰਘ ਦੀ ਹਾਲਤ ਨਾਜ਼ੁਕ ਬਣੀ ਹੋਈ ਸੀ। ਉਸ ਨੂੰ ਚੰਡੀਗੜ੍ਹ ਦੇ ਪੀਜੀਆਈ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਇਸਤਗਾਸਾ ਅਨੁਸਾਰ ਪੁਲਿਸ ਹਿਰਾਸਤ ਦੌਰਾਨ ਗਮਦੂਰ ਸਿੰਘ ਨੂੰ ਹੌਲਦਾਰ ਕ੍ਰਿਪਾਲ ਸਿੰਘ ਨੇ ਡੰਡਿਆਂ ਬਾਕੀ ਸਫ਼ਾ-2 'ਤੇ

ਡੀਐਸਪੀ ਗੁਰਸੇਵਕ ਸਿੰਘ ਤੇ ਇੱਕ ਹੋਰ ਮੁਲਜ਼ਮ ਅਦਾਲਤ ਵਿੱਚ ਪੇਸ਼ ਨਹੀਂ ਹੋਏ

# ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਗਕੇ ਆਪਣਾ ਜੀਵਨ ਸਫ਼ਲ ਬਣਾਓ: ਗਿਆਨੀ ਹਰਪ੍ਰੀਤ ਸਿੰਘ

**ਕਿਹਾ ਕਿ ਅੱਜ ਕੱਲ੍ਹ ਪਾਖੰਡੀ ਦੇਹਧਾਰੀ ਗੁਰੂ ਡੰਮ ਨੇ ਪੰਜਾਬ ਵਿੱਚ ਆਪਣੇ ਪੈਰ ਪਸਾਰੇ ਹਨ ਪਰ ਇਨਸਾਨ ਇਨਸਾਨ ਨੂੰ ਕੁੱਝ ਨਹੀਂ ਦੇ ਸਕਦਾ ਇਹ ਪਾਖੰਡੀ ਲੋਕ ਭੋਲੇ ਭਾਲੇ ਲੋਕਾਂ ਨੂੰ ਆਪਣੇ ਪਿੱਛੇ ਲਗਾ ਕੇ ਉਨ੍ਹਾਂ ਪਾਸੋਂ ਸਗੋਂ....**



ਜੰਡਿਆਲਾ ਗੁਰੂ 7 ਸਤੰਬਰ ( ਕੁਲਵੰਤ ਸਿੰਘ ਵਿਰਦੀ) - ਬੀਤੇ ਦਿਨ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਰਜਿ , ਪਿੰਡ ਵਡਾਲੀ ਡੋਗਰਾਂ ਅਤੇ ਸਮੂਹ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਇਸ ਵਾਰ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਗੁਰਮਤਿ ਸਮਾਗਮ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਪਿੰਡ ਵਡਾਲੀ ਡੋਗਰਾਂ ਕਲੋਨੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ ਗੁਰਮਤਿ ਸਮਾਗਮ ਦੀ ਆਰੰਭਤਾ ਸ਼ਾਮ 5.00 ਵਜ਼ੇ ਕੀਤੀ ਗਈ ਜਿਸ ਵਿੱਚ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ। ਅਤੇ 6.30.ਵਜੇ ਸਮਾਪਤੀ ਤੋਂ ਉਪਰੰਤ ਹੈਡ ਗ੍ਰੰਥੀ ਭਾਈ ਕੁਲਬੀਰ ਸਿੰਘ ਜੀ ਵੱਲੋਂ ਰਹਰਾਸਿ ਸਾਹਿਬ ਜੀ ਦੇ ਪਾਠ ਆਰੰਭ ਕੀਤੇ ਗਏ ਅਤੇ 7.00 ਵਜੇ ਰਹਰਾਸਿ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ 17.00. ਤੋਂ 8.00 ਵਜੇ ਤੱਕ ਪ੍ਰਭਾਤ ਫੇਰੀ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦਾ ਸਤਿਸੰਗ ਕੀਤਾ ਗਿਆ , 8.00.ਤੋ 9.00 ਵਜੇ ਤੱਕ ਸ਼੍ਰੋਮਣੀ ਪ੍ਰਚਾਰਕ ਗਿਆਨੀ ਹਰਪ੍ਰੀਤ ਸਿੰਘ ਜੀ ਜੰਡਿਆਲਾ ਗੁਰੂ ਵੱਲੋਂ, ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ ,ਇਸ ਮੌਕੇ ਉਹਨਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਇਤਿਹਾਸ ਤੋਂ ਜਾਣੂੰ ਕਰਵਾਉਂਦਿਆਂ ਹੋਇਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ 15 ਭਗਤਾਂ , 11 ਭੱਟਾਂ 5 ਗੁਰੂਆਂ 3 ਗੁਰਸਿੱਖਾਂ ਦੀ ਬਾਣੀ ਰਾਗਾਂ ਸਾਹਿਤ ਦਰਜ਼ ਹੈ ਅੱਗੇ ਉਨ੍ਹਾ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣਾ ਚਾਹੀਦਾ ਹੈ, ਅਤੇ ਪਹਿਲੇ ਹੈਡ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਦੇ ਜੀਵਨ ਤੋਂ ਸਾਨੂੰ ਸੇਧ ਲੈਣੀ ਚਾਹੀਦੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕਿਵੇਂ ਪ੍ਰਕਾਸ਼ ਕੀਤਾ ਅਤੇ ਕਿਵੇਂ ਸਾਰੀ ਮਰਿਆਦਾ ਬਣਾਈ ਗਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਬਹੁਤ ਵੱਡਾ ਵਡਮੁੱਲਾ ਖਜ਼ਾਨਾ ਹੈ ਜਿਸ ਦਾ ਅੰਤ ਨਹੀਂ ਪਾਇਆ ਜਾ ਸਕਦਾ। ਅੱਗੇ ਉਨ੍ਹਾ ਕਿਹਾ ਕਿ ਅੱਜ ਕੱਲ੍ਹ ਪਾਖੰਡੀ ਦੇਹਧਾਰੀ ਗੁਰੂ ਡੰਮ ਨੇ ਪੰਜਾਬ ਵਿੱਚ ਆਪਣੇ ਪੈਰ ਪਸਾਰੇ ਹਨ ਪਰ ਇਨਸਾਨ ਇਨਸਾਨ ਨੂੰ ਕੁੱਝ ਨਹੀਂ ਦੇ ਸਕਦਾ ਇਹ ਪਾਖੰਡੀ ਲੋਕ ਭੋਲੇ ਭਾਲੇ ਲੋਕਾਂ ਨੂੰ ਆਪਣੇ ਪਿੱਛੇ ਲਗਾ ਕੇ ਉਨ੍ਹਾਂ ਪਾਸੋਂ ਸਗੋਂ ਸਭ ਕੁਝ ਆਪਣੇ ਵੱਸ ਵਿੱਚ ਕਰ ਲੈਂਦੇ ਹਨ ਇਸ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਗਕੇ ਆਪਣਾ ਜੀਵਨ ਸਫ਼ਲ ਬਣਾਓ 9 ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਨੇ ਵਿਚਾਰ ਸਾਂਝੇ ਕਰਦਿਆਂ ਹੋਇਆਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਬਾਣੀ ਪੜਣੀ ਚਾਹੀਦਾ ਹੈ , ਕਿਉਂਕਿ ਬਾਣੀ ਪੜ੍ਹਨ ਨਾਲ ਸਾਨੂੰ ਸੁਖਾਂ ਦੀ ਪ੍ਰਾਪਤੀ ਹੁੰਦੀ ਹੈ ਅਤੇ ਸੰਸਾਰੀ ਹਰ ਇੱਕ ਪਦਾਰਥ ਇਸ ਦਰ ਤੋਂ ਮਿਲ ਜਾਂਦਾ ਹੈ ਜਿਸ ਦੀ ਆਸ ਨਹੀਂ ਹੁੰਦੀ , ਇਸ ਲਈ ਸਮੇਂ ਨੂੰ ਮੁੱਖ ਰੱਖਦਿਆਂ ਹੋਇਆਂ ਆਪਣੇ ਬੱਚਿਆਂ ਨੂੰ ਸਵੇਰੇ ਸ਼ਾਮ ਗੁਰਦੁਆਰਾ ਸਾਹਿਬ ਲੈਣ ਕੇ ਆਇਆ ਕਰੋ ਤਾਂ ਜੋ ਬੱਚਿਆਂ ਦੀ ਗੁਰੂ ਪ੍ਰਤੀ ਪ੍ਰੀਤ ਬਣੇ ਅਤੇ ਬਾਣੀ ਪੜ੍ਹ ਕੇ ਆਪਣਾ ਜੀਵਨ ਸਫ਼ਲ ਬਣਾਉਣ ਅੱਗੇ ਭਾਈ ਸਾਹਿਬ ਸਿੰਘ ਸੰਧੂ ਨੇ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ ਇਸ ਮੌਕੇ , ਸੁਸਾਇਟੀ ਦੇ ਖਜਾਨਚੀ ਭਾਈ ਦਵਿੰਦਰਪਾਲ ਸਿੰਘ , ਸਲਾਹਕਾਰ ਮਨਜਿੰਦਰ ਸਿੰਘ , ਬਿਕਰਮਜੀਤ ਸਿੰਘ , ਬਲਵੰਤ ਸਿੰਘ ਹੱਟੀ ਵਾਲਾ, ਜਗਰੂਪ ਸਿੰਘ , ਸੁਰਜੀਤ ਸਿੰਘ , ਕਸ਼ਮੀਰ ਸਿੰਘ ਮਿਸਤਰੀ , ਜਗਰੂਪ ਸਿੰਘ ਸਾਗਰ , ਕਰਨ ਸਿੰਘ , ਅਰਸ਼ਦੀਪ ਸਿੰਘ , ਸਰਬਜੀਤ ਸਿੰਘ ਨਿੱਕਾ ਹਰਗੁਣਪ੍ਰੀਤ ਸਿੰਘ ਆਦਿ ਸੰਗਤਾਂ ਨੇ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕੀਤੇ ।

## --------: ਸ.ਫਾ-1 ਦੀ ਬਾਕੀ :------

### ਮੁੱਖ ਮੰਤਰੀ ਮਾਨ ਨੇ 293 ਨੌਜਵਾਨਾਂ ਨੂੰ....

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੁਣ ਤੱਕ 16 ਟੋਲ ਪਲਾਜ਼ੇ ਬੰਦ ਹੋ ਚੁੱਕੇ ਹਨ। ਜਿਸ ਤੋਂ ਬਾਅਦ ਪੰਜਾਬੀਆਂ ਦੀ ਰੋਜ਼ਾਨਾ 61 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਟੋਲ ਪਲਾਜ਼ਾ ਦੇ ਨਾਂਅ ’ਤੇ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ ਮਾਨ ਨੇ ਕਿਹਾ ਕਿ ਸਿਹਤ ਵਿਭਾਗ ਇੱਕ ਅਹਿਮ ਵਿਭਾਗ ਹੈ। ਮੁਹੱਲਾ ਕਲੀਨਿਕਾਂ ਵਿੱਚ 2 ਕਰੋੜ ਮਰੀਜ਼ ਇਲਾਜ ਕਰਵਾ ਚੁੱਕੇ ਹਨ ਜਿਸ ਦਾ ਡਾਟਾ ਉਨ੍ਹਾਂ ਦੇ ਸਿਹਤ ਵਿਭਾਗ ਕੋਲ ਹੈ। ਇਸ ਦਾ ਸਮੇਂ-ਸਮੇਂ ’ਤੇ ਮੁਲਾਂਕਣ ਕੀਤਾ ਜਾਂਦਾ ਹੈ ਜਿਸ ਨਾਲ ਸਾਨੂੰ ਪਤਾ ਲੱਗ ਜਾਂਦਾ ਹੈ ਕਿ ਕਿਸ ਖੇਤਰ ਵਿੱਚ ਕਿਹੜੀ ਬਿਮਾਰੀ ਵੱਧ ਰਹੀ ਹੈ ਤਾਂ ਜੋ ਅਸੀਂ ਉਸ ਖੇਤਰ ਵਿੱਚ ਉਸ ਬਿਮਾਰੀ ਨੂੰ ਕਾਬੂ ਕਰਨ ਲਈ ਢੁਕਵੇਂ ਕਦਮ ਚੁੱਕ ਸਕੀਏ। ਪੰਜਾਬ ਵਿੱਚ ਹੁਣ ਤੱਕ 829 ਮੁਹੱਲਾ ਕਲੀਨਿਕ ਚੱਲ ਰਹੇ ਹਨ। 30 ਹੋਰ ਮਹੱਲਾ ਕਲੀਨਿਕ ਜਲਦੀ ਹੀ ਸ਼ੁਰੂ ਕੀਤੇ ਜਾਣਗੇ। ਕਰੀਬ 25 ਦਿਨ ਪਹਿਲਾਂ ਸੀਐਮ ਭਗਵੰਤ ਮਾਨ ਨੇ ਇਸੇ ਇਮਾਰਤ ਵਿੱਚ 417 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਸਨ। ਇਸ ਦੌਰਾਨ ਉਨ੍ਹਾਂ ਨੇ ਵਿਰੋਧੀ ਪਾਰਟੀਆਂ ’ਤੇ ਵੀ ਹਮਲਾ ਬੋਲਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਨੌਜਵਾਨਾਂ ਨੂੰ ਦੇਸ਼ ਨਾ ਛੱਡਣ ਦੀ ਸਲਾਹ ਦਿੱਤੀ ਸੀ। ਉਨ੍ਹਾਂ ਕਿਹਾ ਸੀ ਕਿ ਜੇ ਯੋਗਤਾ ਅਨੁਸਾਰ ਇੱਥੇ ਰੁਜ਼ਗਾਰ ਮਿਲਦਾ ਹੈ ਤਾਂ ਬਾਹਰ ਜਾਣ ਦੀ ਕੀ ਲੋੜ ਹੈ। ਜੇ ਤੁਸੀਂ ਵਿਦੇਸ਼ ਜਾਣਾ ਚਾਹੁੰਦੇ ਹੋ ਤਾਂ ਘੁੰਮਣ ਜਾਓ।

### ਬੈਕਲਾਗ ਯੂਨੀਅਨ ਨੇ ਮੰਤਰੀ ਨਾਲ ਕੀਤੀ ਮੁਲਾਕਾਤ....

ਖਾਲੀ ਪਈਆਂ ਅਸਾਮੀਆਂ ਤੇ ਜਲਦ ਹੀ ਭਰਤੀ ਕੀਤੀ ਜਾਵੇਗੀ ਜਿਸ ਵਿੱਚ 2994 ਅਸਾਮੀਆਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼ੇਣੀਆਂ ਦੇ ਬੈਕਲਾਗ ਨਾਲ ਸਬੰਧਤ ਹਨ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਅਤੇ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ੍ਰੇਣੀਆਂ ਦੇ ਬੈਕਲਾਗ ਨੂੰ ਭਰਨ ਲਈ ਪਹਿਲਾਂ ਹੀ ਵੱਖ-ਵੱਖ ਵਿਭਾਗਾਂ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਲਗਾਤਾਰ ਕਾਰਜਸ਼ੀਲ ਹੈ।

### ਲੰਡਨ ਭਾਰਤੀ ਹਾਈਕਮਿਸ਼ਨ ਹਿੰਸਾ ਮਾਮਲੇ ’ਚ....

ਮੂਲ ਰੂਪ ਵਿੱਚ ਉਹ ਦਿੱਲੀ ਦਾ ਵਸਨੀਕ ਹੈ। ਇੰਦਰਪਾਲ ਸਿੰਘ ਗਾਬਾ ਨੇ ਲੰਡਨ ਵਿਚ ਭਾਰਤੀ ਹਾਈ ਕਮਿਸ਼ਨ ਬਾਹਰ ਹੋਈ ਝੜਪ ਵਿਚ ਭਾਰਤ ਵਿਰੁੱਧ ਸਰਗਰਮ ਭੂਮਿਕਾ ਨਿਭਾਈ ਸੀ। ਇਹ ਪ੍ਰਦਰਸ਼ਨ 22 ਮਾਰਚ 2023 ਨੂੰ ਕੀਤਾ ਗਿਆ ਸੀ। ਐਨਆਈਏ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਇਸ ਸਾਲ 25 ਅਪ੍ਰੈਲ ਨੂੰ ਐਨਆਈਏ ਨੇ ਉਸ ਨੂੰ ਵਿਆਪਕ ਜਾਂਚ ਤੋਂ ਬਾਅਦ ਗ੍ਰਿਫਤਾਰ ਕੀਤਾ ਸੀ। ਗਾਬਾ ਨੂੰ ਪਿਛਲੇ ਸਾਲ ਦਸੰਬਰ ਵਿੱਚ ਅੰਮ੍ਰਿਤਸਰ ਦੀ ਅਟਾਰੀ ਸਰਹੱਦ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

ਉਸ ਦੇ ਖਿਲਾਫ ਲੁੱਕ ਆਊਟ ਸਰਕੂਲਰ ਜਾਰੀ ਕੀਤਾ ਗਿਆ ਸੀ। ਉਹ ਲੰਡਨ ਤੋਂ ਪਾਕਿਸਤਾਨ ਆਇਆ ਸੀ ਅਤੇ ਅਟਾਰੀ ਸਰਹੱਦ ਤੋਂ ਭਾਰਤੀ ਸਰਹੱਦ ਵਿੱਚ ਦਾਖਲ ਹੋਇਆ ਸੀ। ਉਸ ਨੂੰ ਕਸਟਮ ਵਿਭਾਗ ਨੇ ਦਸਤਾਵੇਜ਼ਾਂ ਦੀ ਤਸਦੀਕ ਦੌਰਾਨ ਹਿਰਾਸਤ ਵਿੱਚ ਲਿਆ ਸੀ।

ਇਸ ਤੋਂ ਬਾਅਦ ਇੰਦਰਪਾਲ ਖਿਲਾਫ ਜਾਂਚ ਸ਼ੁਰੂ ਕੀਤੀ ਗਈ ਅਤੇ ਜਾਂਚ ਜਾਰੀ ਰਹਿਣ ਤੱਕ ਉਸ ਨੂੰ ਦੇਸ਼ ਛੱਡ ਕੇ ਨਾ ਜਾਣ ਲਈ ਕਿਹਾ ਗਿਆ। ਖ਼ਾਲਿਸਤਾਨ ਸਮਰਥਕਾਂ ਨੇ ਪੰਜਾਬ ਪੁਲਿਸ ਵੱਲੋਂ ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਕੀਤੀ ਕਾਰਵਾਈ ਦਾ ਬਦਲਾ ਲੈਣ ਲਈ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਪ੍ਰਦਰਸ਼ਨ ਅਤੇ ਹਮਲਾ ਕਰਨ ਦੀ ਯੋਜਨਾ ਬਣਾਈ ਸੀ।

### ਮੋਟਾਪਾ ਅਤੇ ਦਿਲ ਦੀਆਂ ਬਿਮਾਰੀਆਂ

ਹੋ ਸਕਦੀਆਂ ਹਨ। ਜੀਵਨਸ਼ੈਲੀ ਵਿਕਾਰ ਦੇ ਕਾਰਨ ਅਨਿਯਮਿਤ ਖਾਣਾ, ਨੀਂਦ ਦੀ ਕਮੀ, ਬਹੁਤ ਜ਼ਿਆਦਾ ਤਣਾਅ, ਖਾਣਾ ਛੱਡਣਾ, ਸਰੀਰਕ ਗਤੀਵਿਧੀ ਨੂੰ ਘੱਟ ਕਰਨਾ ਅਤੇ ਖਰਾਬ ਰਿਸ਼ਤੇ ਹੋ ਸਕਦੇ ਹਨ। ਇਹ ਸਾਰੇ ਕਾਰਨ ਪੁਰਾਣੀ ਬਿਮਾਰੀ ਦਾ ਵੱਡਾ ਕਾਰਨ ਹੋਣਗੇ।

### ਬਿਮਾਰੀਆਂ ਤੋਂ ਕਿਵੇਂ ਬਚਿਆ ਜਾਵੇ...

ਸਿਹਤਮੰਦ ਚੀਜ਼ਾਂ ਸ਼ਾਮਲ ਕਰੋ। ਤਣਾਅ ਘੱਟ ਕਰਨ ਲਈ ਯੋਗਾ ਅਤੇ ਮੈਡੀਟੇਸ਼ਨ ਕਰੋ। ਰੋਜ਼ਾਨਾ 45 ਮਿੰਟ ਕੋਈ ਵੀ ਕਸਰਤ ਕਰੋ। ਆਰਗੈਨਿਕ ਭੋਜਨ ਦੀ ਵਰਤੋਂ ਕਰੋ ਅਤੇ ਸਿਰਫ ਘਰ ਦਾ ਪਕਾਇਆ ਹੋਇਆ ਤਾਜ਼ਾ ਭੋਜਨ ਖਾਓ।

### ਫਿਰੋਜ਼ਪੁਰ ਤੀਹਰੇ ਕਤਲ ਮਾਮਲੇ...

ਸੂਚਨਾ ਔਰੰਗਾਬਾਦ ਕ੍ਰਾਈਮ ਬ੍ਰਾਂਚ ਨੂੰ ਦਿੱਤੀ ਗਈ ਅਤੇ ਸਾਂਝੇ ਆਪ੍ਰੇਸ਼ਨ ਕਰਕੇ ਇਨ੍ਹਾਂ ਸਾਰਿਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੰਜਾਬ ਪੁਲਿਸ ਦੀ ਟੀਮ ਅੱਜ ਦੁਪਹਿਰ ਉਨ੍ਹਾਂ ਨੂੰ ਲੈਣ ਲਈ ਔਰੰਗਾਬਾਦ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਪੁਲਿਸ ਲਗਾਤਾਰ ਇਨ੍ਹਾਂ ਨੂੰ ਟਰੇਸ ਕਰ ਰਹੀ ਸੀ ਅਤੇ ਔਰੰਗਾਬਾਦ ਟੀਮ ਦੇ ਸੰਪਰਕ ਵਿੱਚ ਸੀ। ਇਸ ਦੌਰਾਨ ਪੁਲਿਸ ਨੂੰ ਇੱਕ ਵੱਡੀ ਜਾਣਕਾਰੀ ਮਿਲੀ ਸੀ ਕਿ ਇਹ ਸਾਰੇ ਐਮਐਚ ਨੰਬਰ ਇੱਕ ਇਨੋਵਾ ਕਾਰ ਵਿੱਚ ਸਵਾਰ ਹੋ ਕੇ ਇੱਕ ਪਿੰਡ ਤੋਂ ਜਾ ਰਹੇ ਸਨ। ਔਰੰਗਾਬਾਦ ਕ੍ਰਾਈਮ ਬ੍ਰਾਂਚ ਅਤੇ ਸਕਿਊਰਿਟੀ ਦੀ ਟੀਮ ਨੇ ਇਨ੍ਹਾਂ ਲੋਕਾਂ ਨੂੰ ਚਾਰੋਂ ਪਾਸਿਓਂ ਘੇਰ ਲਿਆ।

### ਹਿਰਾਸਤ ’ਚ ਹੋਈ ਮੌਤ ਦਾ ਮਾਮਲਾ...

ਨਾਲ ਬੁਰੀ ਤਰ੍ਹਾਂ ਕੁੱਟਿਆ, ਜਿਸ ਕਾਰਨ ਉਸ ਦੀਆਂ ਪਸਲੀਆਂ ’ਤੇ ਗੰਭੀਰ ਸੱਟਾਂ ਲੱਗੀਆਂ। ਜ਼ਿਕਰ ਕਰ ਦਈਏ ਕਿ ਅਦਾਲਤ ’ਚ ਪੇਸ਼ ਹੋਏ ਦੋ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਡੀਐਸਪੀ ਗੁਰਸੇਵਕ ਸਿੰਘ ਤੇ ਇੱਕ ਹੋਰ ਮੁਲਜ਼ਮ ਅਦਾਲਤ ਵਿੱਚ ਪੇਸ਼ ਨਹੀਂ ਹੋਏ, ਜਿਸ ਕਾਰਨ ਹਾਈ ਕੋਰਟ ਨੇ ਐਸਐਚਓ ਨੂੰ ਹੁਕਮ ਦਿੱਤਾ ਕਿ ਉਹ 12 ਸਤੰਬਰ ਨੂੰ ਅਦਾਲਤ ਵਿੱਚ ਪੇਸ਼ ਕਰਨ ਤਾਂ ਜੋ ਉਨ੍ਹਾਂ ਨੂੰ ਸਜ਼ਾ ਸੁਣਾਈ ਜਾ ਸਕੇ।

### ਹਿਰਾਸਤ ’ਚ ਹੋਈ ਮੌਤ ਦਾ ਮਾਮਲਾ...

ਸਭਾ ’ਚ ਲਿਆਂਦਾ ਗਿਆ ਸੀ, ਜਿਸ ਵਿੱਚ ਹਾਕਮ ਧਿਰ ਤੇ ਵਿਰੋਧੀ ਧਿਰ ਦੋਵਾਂ ਦੀ ਹਮਾਇਤ ਸੀ। ਨੇਗੀ ਨੇ ਕਿਹਾ, ’ਕਮੇਟੀ ਨੇ ਹਿਮਾਚਲ ਪ੍ਰਦੇਸ਼ ਦੇ ਸਾਰੇ ਜ਼ਿਲ੍ਹਿਆਂ ਦਾ ਦੌਰਾ ਕੀਤਾ ਅਤੇ ਸਥਾਨਕ ਲੋਕਾਂ ਨਾਲ ਸਲਾਹ-ਮਸ਼ਵਰਾ ਕੀਤਾ ਕਿ ਭੰਗ ਦੀ ਖੇਤੀ ਦੀ ਵਰਤੋਂ ਮੈਡੀਕਲ ਤੇ ਸਨਅਤੀ ਮਕਸਦਾਂ ਲਈ ਕਿਸ ਤਰ੍ਹਾਂ ਕੀਤੀ ਜਾ ਸਕਦੀ ਹੈ। ਇਸੇ ਦੌਰਾਨ ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਦਾ ਸੈਸ਼ਨ ਇੱਕ ਦਿਨ ਲਈ ਵਧਾ ਦਿੱਤਾ ਗਿਆ ਹੈ ਜੋ ਹੁਣ 10 ਸਤੰਬਰ ਤੱਕ ਚਲੇਗਾ।

# ਇੱਕ ਨਜ਼ਰ...



## ਸ੍ਰੀ ਗੁਰੂ ਰਾਮ ਦਾਸ ਸ. ਸ. ਸਕੂਲ ਵਿੱਚ ਅਧਿਆਪਕ ਦਿਵਸ ਮਨਾਇਆ

ਚੌਕ ਮਹਿਤਾ, 7 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਸ੍ਰੀ ਗੁਰੂ ਰਾਮ ਦਾਸ ਸ.ਸ. ਸਕੂਲ ਨਾਥ ਦੀ ਖੂਹੀ ਵਿਖੇ 5 ਸਤੰਬਰ ਨੂੰ ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਦੇ ਸਨਮਾਨ ਵਿੱਚ ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਇੱਕ ਭਾਵਪੂਰਤ ਪ੍ਰੋਗਰਾਮ ਪੇਸ਼ ਕੀਤਾ।ਇਸ ਮੌਕੇ ਮਨਪ੍ਰੀਤ ਕੌਰ 12ਵੀਂ, ਅਨੁਰੀਤ ਕੌਰ 11ਵੀਂ, ਰੋਜਪ੍ਰੀਤ ਕੌਰ 8ਵੀਂ, ਵਿਦਿਆਰਥੀਆਂ ਵੱਲੋਂ ਅਧਿਆਪਕ ਦੀ ਮਹੱਤਤਾ ਨੂੰ ਦਰਸਾਉਂਦਿਆਂ ਆਪਣੇ ਵਿਚਾਰ ਪੇਸ਼ ਕੀਤੇ ਅਤੇ ਡਾ. ਰਾਧਾ ਕ੍ਰਿਸ਼ਨਨ ਜੀ ਨੂੰ ਸ਼ਰਧਾਂਜਲੀ ਪੇਸ਼ ਕੀਤੀ। ਰੂਬਲਪ੍ਰੀਤ ਸਿੰਘ, ਦਵਿੰਦਰ ਕੌਰ, ਪਰਨਾਜ਼ਪ੍ਰੀਤ ਕੌਰਤੇ ਹਰਲੀਨ ਕੌਰ ਨੇ ਕਵਿਤਾਂਵਾਂ ਪੇਸ਼ ਕੀਤੀਆਂ। ਮਹਿਕਪ੍ਰੀਤ ਕੌਰ 11ਵੀਂ ਨੇ ਆਪਣੀ ਮਿੱਠੀ ਅਵਾਜ਼ ਵਿੱਚ “ਮੇਰੇ ਅਧਿਆਪਕਾਂ ਨੂੰ ਦਿਲ ਤੋ ਸਲਾਮ ਹੈ” ਗੀਤ ਪੇਸ਼ ਕੀਤਾ। ਨਿਮਰਤ ਕੌਰ ਤੇ ਸਾਥੀ ਵਿਦਿਆਰਥੀਆਂ ਵੱਲੋਂ “ਸ਼ੁਕਰੀਆ ਸ਼ੁਕਰੀਆ” ਗੀਤ ‘ਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਪ੍ਰੀ ਪ੍ਰਾਇਮਰੀ ਦੇ ਨੰਨੇ ਮੁੰਨੇ ਬੱਚਿਆਂ ਵੱਲੋਂ ਡਾਂਸ ਪੇਸ਼ ਕੀਤਾ ਗਿਆ। ਸਕੂਲ ਪ੍ਰਬੰਧਕ ਸ. ਸ਼ਿਵਚਰਨ ਸਿੰਘ ਵੱਲੋਂ ਬੱਚਿਆਂ ਦੇ ਜੀਵਨ ਵਿੱਚ ਅਧਿਆਪਕ ਦੇ ਅਹਿਮ ਰੋਲ ਨਿਭਾਉਣ ਵਾਲੇ ਸਕੂਲ ਦੇ ਅਧਿਆਪਕਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਸਕੂਲ ਦੇ ਅਧਿਆਪਕਾਂ ‘ਤੇ ਬਹੁਤ ਮਾਣ ਹੈ। ਪ੍ਰਿੰਸੀਪਲ ਸ੍ਰੀ ਮਤੀ ਗੁਰਦੀਪ ਕੌਰ ਨੇ ਅਧਿਆਪਕ ਦਿਵਸ ਤੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਵਿਦਿਆਰਥੀ ਨੂੰ ਕਿਸੇ ਵੀ ਮੁਕਾਮ ‘ਤੇ ਪਹੁੰਚਾਉਣ ਵਿੱਚ ਉਸ ਦੇ ਅਧਿਆਪਕ ਦਾ ਉੱਘਾ ਯੋਗਦਾਨ ਹੁੰਦਾ ਹੈ। ਸਕੂਲ ਦੀ ਰਿਵਾਇਤ ਅਨੁਸਾਰ ਇਸ ਵਾਰ ਬੈਸਟ ਟੀਚਰ ਦੇ ਅਵਾਰਡ ਲਈ ਕੰਪਿਉਟਰ ਅਧਿਆਪਕਾ ਮਿਸ ਪ੍ਰਭਜੋਤ ਕੌਰ ਨੂੰ ਚੁਣਿਆ ਗਿਆ।

## ਰਾਜਪੂਤ ਭਾਈਚਾਰੇ ਦੇ ਧਾਰਮਿਕ ਆਗੂਆਂ ਦੀ ਮੀਟਿੰਗ 10 ਨੂੰ: ਪਾਂਧੀ



ਮੋਗਾ, 7 ਸਤੰਬਰ( ਸੁਖਮੰਦਰ ਸਿੰਘ ਸ਼ਾਤ )ਸਿੱਖ ਕੌਮ ਦੇ ਅਨਮੋਲ ਸ਼ਹੀਦ ਬੰਦ ਬੰਦ ਕਰਾਉਣ ਵਾਲੇ ਭਾਈ ਮਨੀ ਸਿੰਘ ਜੀ, ਸ਼ਹੀਦ ਭਾਈ ਬਚਿੱਤਰ ਸਿੰਘ ਦੀ ਫੁਲਵਾੜੀ ਦੀ ਇਕ ਵਿਸ਼ੇਸ਼ ਮੀਟਿੰਗ 10 ਸਤੰਬਰ ਨੂੰ ਕੋਟ ਈਸੇ ਖਾਂ ਦੇ ਚੌਂਕ ਦੇ ਨਜ਼ਦੀਕ ਛਾਉਣੀ ਨਿਹੰਗ ਸਿੰਘ ਵਿਖੇ ਹੋਣ ਜਾ ਰਹੀ ਹੈ। ਰਾਜਪੂਤ ਭਾਈਚਾਰੇ ਲਈ ਦਰਦ ਰੱਖਣ ਵਾਲੇ ਭਾਈ ਬਲਵੀਰ ਸਿੰਘ ਪਾਂਧੀ ਪ੍ਰੈਸ ਸਕੱਤਰ ਗੁਰਮਤਿ ਰਾਗੀ ਗ੍ਰੰਥੀ ਸਭਾ ਮੋਗਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਾਡਾ ਭਾਈਚਾਰਾ ਬਹੁਤ ਮਾਰਾਂ ਝੱਲ ਰਿਹਾ ਹੈ ਭਾਈਚਾਰੇ ਦੀ ਪੰਜਾਬ ਵਿੱਚ ਏਨੀ ਅਬਾਦੀ ਹੋਣ ਦੇ ਬਾਵਜੂਦ ਵੀ ਕਦਰ ਜ਼ੀਰੋ ਪਰਸੰਟ ਪੈਂਦੀ ਹੈ। ਸਾਡੇ ਭਾਈਚਾਰੇ ਰਾਗੀ ਗ੍ਰੰਥੀ ਤੇ ਪ੍ਰਚਾਰਕਾਂ ਨੂੰ ਇਕ ਪਲੇਟਫਾਰਮ ਤੇ ਇਕਠੇ ਕਰਨ ਲਈ ਇਕ ਵਿਸ਼ੇਸ਼ ਮੀਟਿੰਗ ਜਿਲ੍ਹਾ ਮੋਗਾ, ਫਿਰੋਜ਼ਪੁਰ, ਫਰੀਦਕੋਟ, ਬਠਿੰਡਾ ਤੇ ਹੋਰ ਜ਼ਿਲਿਆਂ ਦੇ ਧਾਰਮਿਕ ਆਗੂਆਂ ਦੀ ਮੀਟਿੰਗ ਕੋਟ ਈਸੇ ਖਾਂ ਦੇ ਛਾਉਣੀ ਨਿਹੰਗ ਸਿੰਘ ਚੋਕ ਦੇ ਨਜ਼ਦੀਕ ਕੋਟ ਈਸੇ ਖਾਂ ਵਿਖੇ ਰੱਖੀ ਗਈ ਹੈ। ਜਿਥੇ ਕੇਵਲ ਰਾਜਪੂਤ ਭਾਈਚਾਰੇ ਨਾਲ ਸਬੰਧਤ ਆਗੂ ਹੀ ਹਾਜ਼ਰ ਹੋਣਗੇ

## ਪੰਜਾਬ ਸਰਕਾਰ ਨੇ ਬਿਜਲੀ, ਡੀਜਲ, ਪੈਟਰੋਲ ਦੇ ਰੇਟ ਵਧਾ ਕੇ ਲੋਕਾਂ ਨੂੰ ਦਿੱਤਾ ਝਟਕਾ : ਖਾਲਸਾ



ਧੂਰੀ, 7 ਸਤੰਬਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਲੋਕਾਂ ਉੱਪਰ ਕੋਈ ਵੀ ਵਾਧੂ ਬੋਝ ਨਾ ਪਾਉਣ ਦਾ ਵਾਅਦਾ ਕਰਕੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਝਟਕੇ ਦੇਣੇ ਸ਼ੁਰੂ ਕਰ ਦਿੱਤੇ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਕਿਸਾਨ ਵਿੰਗ ਪੰਜਾਬ ਦੇ ਸਟੇਟ ਕਮੇਟੀ ਮੈਂਬਰ ਸ, ਜੋਗਿੰਦਰ ਸਿੰਘ ਖਾਲਸਾ ਨੇ ਕੀਤਾ । ਉਨ੍ਹਾਂ ਕਿਹਾ ਕਿ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਵੱਡਾ ਝਟਕਾ ਦਿੰਦੇ ਹੋਏ ਡੀਜ਼ਲ ਦੇ ਰੇਟ ਵਿੱਚ 92 ਪੈਸੇ ਅਤੇ ਪੈਟਰੋਲ ਦੇ ਰੇਟ ਵਿੱਚ 61 ਪੈਸੇ ਦਾ ਵਾਧਾ ਕਰਦੇ ਹੋਏ ਜਿੱਥੇ ਡੀਜ਼ਲ ਅਤੇ ਪੈਟਰੋਲ ਦੇ ਰੇਟਾਂ ਵਿੱਚ ਵਾਧਾ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ 92 ਵਿਧਾਇਕਾਂ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੰਤਰੀਆਂ ਦੀਆਂ ਤਨਖਾਹਾਂ ਵਿੱਚ ਤਿੰਨ ਗੁਣਾ ਵਾਧਾ ਕਰਦੇ ਹੋਏ 84 ਹਜਾਰ ਤੋਂ ਉਹਨਾਂ ਦੀ ਤਨਖਾਹ ਸਿੱਧੀ 3 ਲੱਖ ਤੇ ਪਹੁੰਚਾ ਦਿੱਤੀ ਹੈ। ਜਿਸ ਨਾਲ ਪੰਜਾਬ ਦੇ ਲੋਕਾਂ ਦੀ ਸੇਵਾ ਲਈ ਬਣੇ ਲੀਡਰਾ ਨੂੰ ਸੇਵਾ ਦਾ ਮੇਵਾ ਵੱਡੇ ਪੱਧਰ ਤੇ ਮਿਲਣਾ ਸ਼ੁਰੂ ਹੋ ਗਿਆ ਹੈ।

## 500 ਗਜ ਤੱਕ ਪਲਾਟਾਂ ਦੀ ਐੱਨ ਓ ਸੀ ਦੀ ਸ਼ਰਤ ਹਟਾਉਣ ’ਤੇ ਮਾਨ ਸਰਕਾਰ ਦਾ ਧੰਨਵਾਦ : ਡਾ. ਕਰਨ ਸੇਰਪੁਰ



ਧੂਰੀ, 7 ਸਤੰਬਰ ( ਰਣਜੀਤ ਸਿੰਘ ਪੇਧਨੀ ) - ਪਿਛਲੇ ਲੰਬੇ ਸਮੇਂ ਤੋਂ ਲੋਕਾਂ ਦੀ ਲਟਕਦੀ ਆ ਰਹੀ ਮੰਗ ਨੂੰ ਮਾਣਯੋਗ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਨੇ ਮੰਨਦਿਆਂ ਰੁਕੀਆਂ ਹੋਈਆਂ ਰਜਿਸਟਰੀਆਂ ਨੂੰ ਸ਼ਰਤਾਂ ਅਨੁਸਾਰ ਕਰਨ ਵਾਸਤੇ ਵਿਧਾਨ ਸਭਾ ਸੈਸ਼ਨ ਦੌਰਾਨ ਬਿੱਲ ਪਾਸ ਕਰਕੇ 500 ਗਜ ਤੱਕ ਦੇ ਪਲਾਟਾਂ ਦੀ ਰਜਿਸਟਰੀ ਵਾਸਤੇ ਐੱਨ ਓ ਸੀ ਲੈਣ ਦੀ ਸ਼ਰਤ ਨੂੰ ਖਤਮ ਕਰ ਦਿੱਤਾ ਹੈ ਇਸ ਬਾਰੇ ਮੁਖ ਮੰਤਰੀ ਪੰਜਾਬ ਸ, ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾਕਟਰ ਕਰਨ ਸੇਰਪੁਰ ਨੇਕਿਹਾ ਕਿ ਇਸ ਸੱਤ ਦੇ ਖਤਮ ਹੋਣ ਦੇ ਨਾਲ ਪੰਜਾਬ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀਅਤੇ ਮੁੱਖ ਮੰਤਰੀ ਵੱਲੋਂ ਇਸ ਸ਼ਰਤ ਨੂੰ ਖਤਮ ਕਰਨ ਕਰਕੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤਿਆ ਹੈ ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾ ਨੇ ਪਲਾਟ ਰਜਿਸਟਰੀ ਵਾਸਤੇ ਪੰਚਾਇਤ ਨਗਰ ਨਿਗਮਾਂ ਤੋਂ ਐੱਨ ਓ ਸੀ ਲੈਣ ਉਪਰੰਤ ਰਜਿਸਟਰੀਆਂ ਕਰਵਾਉਣ ਦਾ ਨਿਯਮ ਬਣਾਇਆ ਸੀ, ਜਿਸ ਕਰਕੇ ਲੋਕਾਂ ਨੂੰ ਭਾਰੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਜਿਸ ਨੂੰ ਮਾਨ ਸਰਕਾਰ ਨੇ ਖਤਮ ਕਰਕੇ 500 ਗਜ ਤੱਕ ਦੇ ਪਲਾਟਾਂ ਦੀ ਰਜਿਸਟਰੀ ਨੂੰ ਐੱਨ ਓ ਸੀ ਮੁਕਤ ਕਰ ਦਿੱਤਾ ਹੈ ਜੋ ਕਿ ਬਹੁਤ ਸ਼ਾਲਾਘਾਂਯੋਗ ਫੈਸਲਾ ਹੈ। ਜਿਥੇ ਇਸ ਫੈਸਲੇ ਨਾਲ ਲੋਕਾਂ ਦਾ ਘਰ ਬਣਾਉਣ ਦਾ ਸੁਪਨਾ ਪੂਰਾ ਹੋਵੇਗਾ ਓਥੇ ਹੀ ਸਰਕਾਰ ਨੂੰ ਵੱਡਾ ਮਾਲੀਆ ਵੀ ਇਕੱਠਾ ਹੋਵੇਗਾ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਕਥਾ ਵਾਚਕ ਭਾਈ ਜਗਜੀਤ ਸਿੰਘ ਸੁਲਤਾਨਪੁਰ ਸਾਹਿਬ ਜੀ

# ਪਹਿਲਾ ਪ੍ਰਕਾਸ਼ ਦਿਹਾੜਾ

## ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 6 ਸਤੰਬਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ ਐਤਵਾਰ 8 ਸਤੰਬਰ ਨੂੰ 10:30 ਵਜੇ ਭੋਗ ਪੈਣਗੇ ।

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਮਹਿੰਦਰ ਸਿੰਘ ਨਗਰ ਕਾਸਤਲਵੇਰਦੇ ਪ੍ਰਵਾਰ ਵੱਲੋਂ ਲਈ ਗਈ ਹੈ।

ਸ਼ਿਨੱਚਰਵਾਰ 7 ਸਤੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਗਜੀਤ ਸਿੰਘ ਸੁਲਤਾਨਪੁਰ ਸਾਹਿਬ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਐਤਵਾਰ 8 ਸਤੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ, ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ।

☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |

ਸ਼ ਖ਼ ਗ਼ ਜ਼ ਫ਼ ਲ਼

www.damdamitaksal.net

| | | | |
|---|---|---|---|
| ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ |
| ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ |
| ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ |

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









www.khalsaforge.com

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715128621**


ITHIHAAS KATHA
GIANI BALVINDER SINGH 'RODE'
HEAD GRANTHI
GURDWARA SANT KHALSA JANAM ASTHAN
SANT JARNAIL SINGH KHALSA BHINDRANWALE
7-8PM
MON 9TH - THURSDAY 12TH SEPTEMBER
10:30AM - 11:15AM
SUNDAY 15TH SEPTEMBER
ਆਵਾਜ਼ਿ ਕੌਮ
AWAZE QAUM
International Newspaper & WEB TV
SRI GURU SINGH SABHA, SHEEHY WAY, SLOUGH, SL2 5SS

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ

# ਸਾਰਾਗੜ੍ਹੀ ਦੇ ਮਹਾਨ ਸ਼ਹੀਦ ਸਰਦਾਰ ਈਸ਼ਰ ਸਿੰਘ ਜੀ ਦੀ

# ਯਾਦ 'ਚ ਧਾਰਮਿਕ ਸਮਾਗਮ

## 8 ਸਤੰਬਰ 2024, ਗੁਰੂ ਨਾਨਕ ਗੁਰਦੁਆਰਾ ਸਾਹਿਬ ਵੈਡਨਸਫੀਲਡ ਵਿਖੇ




**ਗੁਰੂ ਰੂਪ ਸਾਧ ਸੰਗਤ ਜੀਓ**

ਦਸਮ ਪਾਤਸ਼ਾਹ ਵੱਲੋਂ ਸਾਜੇ ਹੋਏ ਖਾਲਸਾ ਪੰਥ ਨੇ ਹਮੇਸ਼ਾ ਹੀ ਜੁਲਮ ਦੇ ਵਿਰੁੱਧ ਤਲਵਾਰ ਚੁੱਕਕੇ ਜਿੱਥੇ ਜਾਲਮਾਂ ਨੂੰ ਮਾਤ ਦਿੱਤੀ ਹੈ ਉੱਥੇ ਹੀ ਦੇਸ਼ ਵਿਦੇਸ਼ ਵਿੱਚ ਗੁਰੂ ਕੀਆਂ ਲਾਡਲੀਆਂ ਫੌਜਾਂ ਨੇ ਜੁਲਮ ਵਿਰੁੱਧ ਸੰਘਰਸ਼ ਕਰਦਿਆਂ ਹਸ ਹਸ ਕੇ ਸ਼ਹੀਦੀਆਂ ਵੀ ਪਾਈਆਂ ਹਨ। ਆਪਾਂ ਹਰ ਰੋਜ਼ ਅਰਦਾਸ ਵਿੱਚ ਆਪਣੇ ਮਹਾਨ ਸ਼ਹੀਦਾਂ ਨੂੰ ਯਾਦ ਵੀ ਕਰਦੇ ਹਾਂ।

ਪੰਥ ਦੇ ਅਜਿਹੇ ਸ਼ਹੀਦਾਂ ਵਿੱਚੋਂ ਹੀ ਇੱਕ ਸਿਰਲੱਥ ਸੂਰਮੇ ਭਾਈ ਈਸ਼ਰ ਸਿੰਘ ਜੀ, ਜਿਨ੍ਹਾਂ ਨੇ ਦਸ ਹਜਾਰ ਕਬਾਇਲੀਆਂ ਦਾ ਮੁਕਾਬਲਾ ਕਰਦਿਆਂ ਆਪਣੇ ਸਾਥੀਆਂ ਸਮੇਤ ਆਖਰੀ ਸੁਆਸ ਤੱਕ ਜੂਝਦਿਆਂ ਸ਼ਹਾਦਤ ਦਾ ਜਾਮ ਪੀਤਾ, ਉਨ੍ਹਾਂ ਦੀ ਸਦੀਵੀ ਯਾਦ ਸਥਾਪਤ ਕਰਨ ਲਈ ਉਨ੍ਹਾਂ ਦਾ ਬੁੱਤ ਗੁਰੂ ਨਾਨਕ ਗੁਰਦਆਰਾ ਵੈਡਨਸਫੀਲਡ ਵਿਖੇ ਸਥਾਪਤ ਕੀਤਾ ਗਿਆ ਸੀ।

ਸਾਰਾਗੜ੍ਹੀ ਦੇ ਮਹਾਨ ਸ਼ਹੀਦ ਸਰਦਾਰ ਈਸ਼ਰ ਸਿੰਘ ਜੀ ਦੀ ਯਾਦ 'ਚ ਧਾਰਮਿਕ ਸਮਾਗਮ 8 ਸਤੰਬਰ 2024 ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਵੈਡਨਸਫੀਲਡ ਵਿਖੇ ਕਰਵਾਇਆ ਜਾ ਰਿਹਾ ਹੈ। ਸਮੂਹ ਸੰਗਤ ਨੂੰ ਇਸ ਮੌਕੇ ਵੱਧ ਤੋਂ ਵੱਧ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

**ਕੌਮਾਂ ਉਹ ਹੀ ਜੱਗ ਤੇ ਜਿਉਂਦੀਆਂ ਨੇ ਜਿਹੜੀ ਕੌਮ ਨੂੰ ਮਰਨ ਦਾ ਝੱਲ ਪੈ ਜਾਏ**
**ਪੈਂਦਾ ਅੰਤ ਨੂੰ ਮੁੱਲ ਕੁਰਬਾਨੀਆਂ ਦਾ ਭਾਵੇਂ ਅੱਜ ਪੈ ਜਾਏ ਭਾਵੇਂ ਕੱਲ੍ਹ ਪੈ ਜਾਏ।**



## -- ★ ਪ੍ਰੋਗਰਾਮ ★ --

ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ 8 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਗੁਰੂ ਨਾਨਕ ਗੁਰੁਦੁਆਰਾ ਸਾਹਿਬ wednesfield ਵਿਖੇ ਪੈਣਗੇ।
ਅਰਦਾਸ ਉਪਰੰਤ ਕੀਰਤਨ ਹੋਵੇਗਾ।
ਗਿਆਰਾਂ ਵਜੇ ਬ੍ਰਿਟਿਸ਼ ਆਰਮੀ ਵੱਲੋਂ ਸਾਰਾਗੜ੍ਹੀ ਦੇ ਸਮੂਹ ਸ਼ਹੀਦਾ ਨੂੰ ਸ਼ਰਧਾਂਜਲੀ ਭੇਂਟ ਸਮਾਗਮ ਹੋਣਗੇ।
ਇਸ ਸਮਾਗਮ ਵਿੱਚ ਲੋਕਲ ਐਮ.ਪੀ., ਕੌਂਸਲਰ ਅਤੇ ਪ੍ਰਚਾਰਕ ਪਹੁੰਚਣਗੇ।
ਪ੍ਰਬੰਧਕਾਂ ਵੱਲੋਂ ਆਪ ਸਭ ਜੀ ਨੂੰ ਬੇਨਤੀ ਹੈ ਕੇ ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਦੀ ਇਸ ਯਾਦਗਾਰ ਮੌਕੇ ਵੱਧ ਤੋਂ ਵੱਧ ਪਹੁੰਚ ਕੇ ਉਹਨਾਂ ਨੂੰ ਸਰਧਾਂਜਲੀ ਭੇਂਟ ਕਰੋ ਜੀ।



## ਸੱਦਾ ਪੱਤਰ



The Council of Sikh Gurdwaras
Wolverhampton

Dear Sir/madam,

Three years ago, the Sikh Community of Wednesfield commissioned a Statue to be erected next to Guru Nanak Gurdwara, Wednesfield WV11 1XT.
The Statue is in memory of those Sikh Soldiers from the 36th Sikh Regiment who fought to the very end in one of the most famous last stand battles – the battle of Saragarhi. The last stand took place at a small outpost called Saragarhi in the year 1897.
The Council of Sikh Gurdwaras Wolverhampton cordially invite you to attend the third Anniversary of the Statue of Havildar Ishar Singh – the officer in charge of those brave men, on 8th September 2024.
We request that you arrive at Memorial site by 11am where you will be received by members of the community. They will guide you to have some Light Refreshments, and you will also have the opportunity to meet other dignitaries as well.

**Sunday 8th September 2024**

The itinerary for the day will be as follows:

| | |
|---|---|
| 11.00 | Arrival of all VIPs by the Memorial and taken for Refreshments |
| 12.00 | Everyone to assemble near the memorial |
| 12.00 | Military Brass Band accompanied by 1914 Sikhs and Veterans march from the Gurdwara to the Memorial. |
| 12.05 | Ardas (Sikh Prayer) |
| 12.15 | Inspection of Soldiers by Madam Mayor & AVM [illegible] |
| 12.20 | Speeches by dignitaries |
| 14.00 | Everyone to make their way to the Community Centre. |

Please note: Whilst at the Community Centre food is being served, we will have speeches from Councilors and Local Businesses.

| | |
|---|---|
| 15.30 | The event will end |

Warmest Regards,
Yours Sincerely,
Dr S. Singh MBE
Council of Sikh Gurdwaras Wolverhampton

**ਵੈਡਨਸਫੀਲਡ ਗੁਰੂਘਰ ਦੀਆਂ ਸਮੂਹ ਸੰਗਤਾਂ ਵੱਲੋਂ**

**ਆਪ ਜੀ ਨੂੰ ਇਸ ਸਮਾਗਮ ਤੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :-
ਭਾਈ ਪਰਮਜੀਤ ਸਿੰਘ ਢਾਡੀ
07917353349

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

# GURU NANAK GURDAWARA

**Well Lane, Wednesfield, Wolverhampton,WV11, 1XT, England (UK)**


ਸੁਭ ਕਰਮਨ ਤੇ ਕਬਹੂੰ ਨ ਟਰੌਂ ।।
A.I.S.S.F.
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
ਜਨਰਲ ਇਜਲਾਸ
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
ਅਸਥਾਨ: ਮੀਰੀ ਪੀਰੀ ਹਾਲ
ਬੀੜ ਬਾਬਾ ਬੁੱਢਾ ਸਾਹਿਬ
ਪਿੰਡ ਠੱਠਾ (ਤਰਨ ਤਾਰਨ)
ਮਿਤੀ : 10 ਸਤੰਬਰ 2024
(ਦਿਨ ਮੰਗਲਵਾਰ)
ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ
ਸਮੂੰਹ ਸੰਗਤਾਂ ਨੂੰ ਉਪਰੋਕਤ ਅਸਥਾਨ ਅਤੇ ਸਮੇ ਤੇ
ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ ।
ਗੁਰੂ ਪੰਥ ਦਾ ਦਾਸ:
ਭਾਈ ਮਨਜੀਤ ਸਿੰਘ
ਸਰਪ੍ਰਸਤ ਆਲ ਇੰਡੀਆ ਸਿੱਖ
ਸਟੂਡੈਂਟਸ ਫੈਡਰੇਸ਼ਨ
ਭਾਈ ਕੰਵਰ ਚੜ੍ਹਤ ਸਿੰਘ
ਪ੍ਰਧਾਨ ਆਲ ਇੰਡੀਆ ਸਿੱਖ
ਸਟੂਡੈਂਟਸ ਫੈਡਰੇਸ਼ਨ
M: 9878782228
ਆਵਾਜ਼ਿ ਕੌਮ
AWAZE QAUM
International Newspaper & WEB TV


1984
2024
ਸਲਾਨਾ ਨੈਸ਼ਨਲ ਸਿੱਖ ਕਨਵੈਨਸ਼ਨ
ਸਿੱਖ ਫੈਡਰੇਸ਼ਨ (ਯੂਕੇ) SIKH FEDERATION (UK)
NATIONAL SIKH CONVENTION
Highlighting the issues facing the Sikh Community & leading the campaign for re-establishing a Sikh homeland
SUNDAY 15 SEPTEMBER 2024
ਸਿੱਖ ਫੈਡਰੇਸ਼ਨ (ਯੂਕੇ) ਦੀ 40ਵੀਂ ਸਲਾਨਾ ਕਨਵੈਨਸ਼ਨ 15 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ, ਸੈਜਲੀ ਸਟਰੀਟ, ਵੁਲਵਰਹੈਂਪਟਨ ਵਿਖੇ ਹੋ ਰਹੀ ਹੈ।
ਪ੍ਰੋਗਰਾਮ: ਆਰੰਭ ਸ੍ਰੀ ਅਖੰਡ ਪਾਠ ਸਾਹਿਬ 13 ਸਤੰਬਰ 10 ਵਜੇ ਅਤੇ ਭੋਗ 15 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਉਪਰੰਤ ਵੱਖ ਵੱਖ ਦੇਸ਼ਾਂ ਤੋਂ ਆਏ ਪੰਥਕ, ਰਾਜਨੀਤਕ ਅਤੇ ਧਾਰਮਿਕ ਬੁਲਾਰਿਆਂ ਦੇ ਨਾਲ ਪੰਥ ਦੇ ਮਹਾਨ ਕੀਰਤਨੀ, ਢਾਡੀ ਅਤੇ ਕਵੀਸ਼ਰੀ ਜਥੇ ਪਹੁੰਚ ਰਹੇ ਹਨ ।
ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ 15 ਸਤੰਬਰ ਦਿਨ ਐਤਵਾਰ 10 ਵਜੇ ਕਨਵੈਨਸ਼ਨ ਵਿਚ ਪਹੁੰਚ ਕੇ ਪੰਥਕ ਵਿਚਾਰਾਂ ਸਰਵਣ ਕਰੋ ਜੀ ।
Sri Akhand Paath Sahib Arambh: Fri 13th at 10am
Bhog: Sun 15th at 10am
• Open invitation to all Panthic Organisations and Gurdwaras
• Special guest Panthic & Political speakers from the UK and Internationally
• Release of the 2023-24 SFUK Annual Report
40 YEARS
GURU NANAK GURDWARA
SEDGLEY ST, WOLVERHAMPTON
WV2-3AJ
ਖਾਲਿਸਤਾਨ KHALISTAN
FOR FURTHER INFORMATION CONTACT:
Bhai Amrik Singh Chairperson 07860 633 488
Bhai Kuldeep Singh Vice Chairperson 07938 633 554
Contact your local Gurdwara regarding transport arrangements
Bhai Hardish Singh Chief Organiser 07886 781724
Bhai Dabinderjit Singh Principle Advisor 07485 039944
info@sikhfeduk.com www.sikhfeduk.com Sikh Federation UK @Sikhfeduk @SikhFed_UK

## ਇੱਕ ਨਜ਼ਰ...



## ਖੇਡਾਂ ਦੇ ਪੰਜਵੇਂ ਦਿਨ ਅਥਲੈਟਿਕਸ, ਕਬੱਡੀ ਮੁਕਾਬਲੇ ਕਰਵਾਏ ਗਏ, ਜੇਤੂਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ

### ਲੰਬੀ ਛਾਲ ਵਿੱਚ ਗੁਰਮਨਜੀਤ ਸਿੰਘ ਨੇ ਪਹਿਲਾ ਸਥਾਨ ਅਤੇ ਵੰਸ਼ ਯਾਦਵ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ

ਅੰਮ੍ਰਿਤਸਰ, ਮੋਹਾਲੀ, 7 ਸਤੰਬਰ ( ਕੁਲਵੰਤ ਸਿੰਘ ਵਿਰਦੀ) ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ 2 ਸਤੰਬਰ 2024 ਤੋਂ 7 ਸਤੰਬਰ 2024 ਤੱਕ ਖੇਡਾ ਵਤਨ ਪੰਜਾਬ-2024-25 ਦੀਆਂ ਬਲਾਕ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਹ ਖੇਡਾਂ 5 ਸਤੰਬਰ, 2024 ਤੋਂ 7 ਸਤੰਬਰ, 2024 ਤੱਕ ਮੁਹਾਲੀ ਕਾਰਪੋਰੇਸ਼ਨ (ਖੇਡ ਭਵਨ ਨੰਬਰ 78) ਅਤੇ ਬਲਾਕ ਮਾਜਰੀ (ਖੇਡ ਸਟੇਡੀਅਮ ਸਿੰਘਪੁਰਾ) ਵਿਖੇ ਸ਼ੁਰੂ ਹੋਈਆਂ ਹਨ। ਦੂਜੇ ਦਿਨ ਵੱਖ-ਵੱਖ ਖੇਡਾਂ, ਕਬੱਡੀ, ਅਥਲੈਟਿਕਸ ਆਦਿ ਦੇ ਮੁਕਾਬਲੇ ਕਰਵਾਏ ਗਏ ।ਇਨ੍ਹਾਂ ਖੇਡਾਂ ਵਿੱਚ ਅੱਜ ਬਲਾਕ ਮੁਹਾਲੀ ਦੇ ਨਤੀਜੇ ਆਏ ਜਿਨ੍ਹਾਂ ਵਿੱਚ ਕਬੱਡੀ ਅੰਡਰ-14 ਲੜਕਿਆਂ ਦੇ ਮੈਚਾਂ ਵਿੱਚ ਸਬ ਸੈਂਟਰ ਅਬਰਾਵਾਂ ਨੇ ਮੌਲੀ ਬੈਦਵਾਨ ਸਕੂਲ ਨੂੰ ਹਰਾਇਆ। ਕਬੱਡੀ ਅੰਡਰ-17 ਲੜਕੇ ਜਿਸ ਵਿੱਚ ਆਰੀਆ ਸਕੂਲ ਮੁਹਾਲੀ ਨੇ ਮੌਲੀ ਬੈਦਵਾਨ ਸਕੂਲ ਨੂੰ ਹਰਾ ਕੇ ਪਹਿਲਾ ਅਤੇ ਸਬ ਸੈਂਟਰ ਅਬਰਾਵਾਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਕਬੱਡੀ ਅੰਡਰ-21 ਲੜਕੇ ਜਿਸ ਵਿੱਚ ਮੈਰੀਟੋਰੀਅਸ ਸਕੂਲ ਨੇ ਖਾਲਸਾ ਕਾਲਜ ਮੁਹਾਲੀ ਨੂੰ ਹਰਾਇਆ। ਅਥਲੈਟਿਕਸ ਅੰਡਰ-17 ਲੜਕਿਆਂ ਦੇ ਲੰਬੀ ਛਾਲ ਮੁਕਾਬਲੇ ਵਿੱਚ ਗੁਰਮਨਜੀਤ ਸਿੰਘ ਨੇ ਪਹਿਲਾ, ਪਿਊਸ਼ ਨੇ ਦੂਜਾ ਅਤੇ ਪੁਸ਼ਕਲ ਗੋਇਲ ਨੇ ਤੀਜਾ ਸਥਾਨ ਹਾਸਲ ਕੀਤਾ। ਸ਼ਾਟ ਪੁੱਟ ਮੁਕਾਬਲੇ ਵਿੱਚ ਸਾਹਿਬਜੋਤ ਨੇ ਪਹਿਲਾ ਸਥਾਨ, ਕਰਮ ਸਿੰਘ ਨੇ ਦੂਜਾ ਸਥਾਨ, ਗੁਰਕੀਰਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ 3000 ਮੀਟਰ ਦੌੜ ਵਿੱਚ ਰਣਜੀਤ ਸਿੰਘ ਪਹਿਲੇ, ਅਖਿਲ ਕੁਮਾਰ ਦੂਜੇ ਅਤੇ ਵਿਕਾਸ ਕੁਮਾਰ ਤੀਜੇ ਸਥਾਨ 'ਤੇ ਰਿਹਾ। ਅਥਲੈਟਿਕਸ ਅੰਡਰ-17 ਲੜਕੀਆਂ ਦੇ ਮੁਕਾਬਲਿਆਂ ਵਿੱਚ ਸ਼ਾਟ ਪੁੱਟ ਮੁਕਾਬਲੇ ਵਿੱਚ ਜੋਏ ਬੈਦਵਾਨ ਨੇ ਪਹਿਲਾ ਸਥਾਨ, ਕੇਵਲ ਨੈਨ ਨੇ ਦੂਜਾ ਸਥਾਨ, ਅਗਮਨੂਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ 100 ਮੀਟਰ ਦੌੜ ਵਿੱਚ ਅਦਿਤੀ ਲੋਰੀਅਨ ਨੇ ਪਹਿਲਾ ਸਥਾਨ, ਵਿਪਨੀਤ ਕੌਰ ਨੇ ਦੂਜਾ, ਤੇਗਰੂਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਦੋਂ ਕਿ 800 ਮੀਟਰ ਦੌੜ ਵਿੱਚ ਵੰਸ਼ ਯਾਦਵ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਦੌਰਾਨ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਜੇਤੂ ਖਿਡਾਰੀਆਂ ਨੂੰ ਖੇਡ ਪ੍ਰਬੰਧਕਾਂ ਵੱਲੋਂ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ 800 ਮੀਟਰ ਸੀਨੀਅਰ ਵਰਗ ਵਿੱਚ ਕੁਲਦੀਪ ਸਿੰਘ ਨੇ ਦੋ ਗੋਲਡ ਮੈਡਲ ਅਤੇ ਮਨਦੀਪ ਸਿੰਘ ਕੁੰਭੜਾ ਨੇ ਇੱਕ ਚਾਂਦੀ ਅਤੇ ਇੱਕ ਗੋਲਡ ਮੈਡਲ ਜਿੱਤ ਕੇ ਆਪਣਾ ਨਾਮ ਰੌਸ਼ਨ ਕੀਤਾ, ਇਸੇ ਤਰ੍ਹਾਂ ਕਾਮਿਨੀ ਨੇ ਚਾਂਦੀ ਦਾ ਤਗਮਾ ਜਿੱਤਿਆ।

## ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਠਿੰਡਾ ਵੱਲੋਂ ਨੈਤਿਕ ਸਿੱਖਿਆ ਇਮਤਿਹਾਨ (ਸਕੂਲ) 2024 ਦੇ ਨਤੀਜੇ ਘੋਸ਼ਿਤ

ਬਠਿੰਡਾ, 7 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਸਚਿਆਰ ਮਨੁੱਖਾਂ ਦਾ ਕਾਫ਼ਲਾ ਤਿਆਰ ਕਰਨ ਲਈ ਯਤਨਸ਼ੀਲ ਹੈ, ਜੋ ਕਿ ਸਮਾਜ ਵਿੱਚੋਂ ਗੁਆਚੀਆਂ ਕਦਰਾਂ ਕੀਮਤਾਂ ਦੀ ਮੁੜ ਬਹਾਲੀ ਕਰ ਸਕਣ। ਇਸੇ ਲੜੀ ਤਹਿਤ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਬਠਿੰਡਾ ਵੱਲੋਂ ਸਾਲ 2024 ਦਾ ਨੈਤਿਕ ਸਿੱਖਿਆ ਇਮਤਿਹਾਨ (ਸਕੂਲ) ਮਿਤੀ 22 ਅਗਸਤ 2024 ਨੂੰ ਕਰਵਾਇਆ ਗਿਆ। ਇਸ ਇਮਤਿਹਾਨ ਦਾ ਨਤੀਜਾ ਘੋਸ਼ਿਤ ਕਰਦੇ ਹੋਏ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਬਠਿੰਡਾ ਦੇ ਪ੍ਰਧਾਨ ਬਲਵੰਤ ਸਿੰਘ ਕਾਲਝਰਾਣੀ ਅਤੇ ਸਕੱਤਰ ਡਾ. ਗੁਰਜਿੰਦਰ ਸਿੰਘ ਰੋਮਾਣਾ ਨੇ ਦੱਸਿਆ ਕਿ ਇਸ ਇਮਤਿਹਾਨ ਵਿੱਚ ਬਠਿੰਡਾ ਖੇਤਰ ਦੇ 45 ਸਕੂਲਾਂ ਦੇ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ 4200 ਵਿਦਿਆਰਥੀਆਂ ਨੇ ਭਾਗ ਲਿਆ। ਉਹਨਾਂ ਦੱਸਿਆ ਕਿ ਦਰਜਾ ਤੀਜਾ (ਨੌਵੀਂ ਤੋਂ ਬਾਰ੍ਹਵੀਂ ਤੱਕ) ਦੇ ਇਮਤਿਹਾਨਾਂ ਵਿੱਚ ਪਹਿਲੇ ਸੱਤ ਸਥਾਨਾਂ ਵਿੱਚੋਂ ਚਾਰ ਸਥਾਨ ਲੜਕੀਆਂ ਨੇ ਹਾਸਿਲ ਕੀਤੇ। ਇਸੇ ਤਰਾਂ ਦੂਜੇ ਦਰਜੇ (ਛੇਵੀਂ ਤੋਂ ਅੱਠਵੀਂ) ਦੀ ਪ੍ਰੀਖਿਆ ਵਿੱਚੋਂ ਵੀ ਪਹਿਲੇ ਸੱਤਾਂ ਵਿੱਚੋਂ ਪੰਜ ਸਥਾਨ ਲੜਕੀਆਂ ਨੇ ਹਾਸਲ ਕੀਤੇ। ਤੀਜੇ ਦਰਜੇ ਦੀ ਪ੍ਰੀਖਿਆ ਵਿੱਚੋਂ ਸੰਤ ਕਬੀਰ ਕਾਨਵੈਂਟ ਸਕੂਲ ਭੁੱਚੋ ਦੇ ਵਿਦਿਆਰਥੀ ਗੁਰਕੀਰਤ ਸਿੰਘ ਨੇ ਪਹਿਲਾ ਸਥਾਨ, ਮੈਰੀਟੋਰੀਅਸ ਸਕੂਲ ਬਠਿੰਡਾ ਦੀ ਜਸਪ੍ਰੀਤ ਕੌਰ ਨੇ ਦੂਜਾ ਅਤੇ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਢੱਡੇ ਦੀ ਨਰਿੰਦਰਪਾਲ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਮੈਰੀਟੋਰੀਅਸ ਸਕੂਲ ਬਠਿੰਡਾ ਦੇ ਗੁਰਪ੍ਰੀਤ ਅਤੇ ਬਾਬਾ ਫਰੀਦ ਸਕੂਲ ਦਿਉਣ ਦੀ ਅਸ਼ਮੀਨ ਕੌਰ ਨੇ ਦੋ ਚੌਥੇ ਇਨਾਮ ਜਿੱਤੇ। ਸੈਂਟ ਕਬੀਰ ਕਾਨਵੈਂਟ ਸਕੂਲ ਭੁੱਚੋ ਦੇ ਨਵਦੀਪ ਸਿੰਘ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਫੱਤਾ ਦੀ ਵਿਦਿਆਰਥਣ ਕੋਮਲ ਨੇ ਦੋ ਪੰਜਵੇਂ ਸਥਾਨ ਹਾਸਿਲ ਕੀਤੇ। ਦਰਜਾ ਦੂਜਾ (ਛੇਵੀਂ ਤੋਂ ਅੱਠਵੀਂ) ਦੀ ਸ੍ਰੇਣੀ ਵਿੱਚੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਤ ਮੰਡੀ ਦੀ ਜਸ਼ਨਦੀਪ ਕੌਰ ਨੇ ਪਹਿਲਾ, ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪੂਹਲੀ ਦੀ ਜਸਮੀਨ ਕੌਰ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਭੇਣੀ ਦੇ ਗੁਰਮਹਿਕ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਦਸ਼ਮੇਸ ਗਰਲਜ ਸਕੂਲ ਬਾਦਲ ਦੀ ਨਵਰੀਤ ਕੌਰ ਅਤੇ ਸੰਤ ਕਬੀਰ ਕਾਨਵੈਂਟ ਸਕੂਲ ਭੁੱਚੋ ਦੀ ਹਰਸਿਮਰਤ ਕੌਰ ਨੇ ਦੋ ਚੌਥੇ ਸਥਾਨ ਹਾਸਿਲ ਕੀਤੇ ਜਦੋਂ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਸੀ ਬਾਗ ਵਾਲੀ ਦੀ ਕੁਲਜੀਤ ਕੌਰ ਅਤੇ ਲਿਟਲ ਫਲਾਵਰ ਪਬਲਿਕ ਸਕੂਲ ਬਠਿੰਡਾ ਦੀ ਹਰਨੂਰਪ੍ਰੀਤ ਕੌਰ ਨੇ ਦੋ ਪੰਜਵੇਂ ਸਥਾਨ ਹਾਸਿਲ ਕੀਤੇ। ਇਸ ਤੋਂ ਇਲਾਵਾ ਦਰਜਾ ਤੀਜਾ (ਨੌਵੀਂ ਤੋਂ ਬਾਰ੍ਹਵੀਂ ਤੱਕ) ਦੀ ਪ੍ਰੀਖਿਆ ਵਿਚੋਂ ਵੱਖ-ਵੱਖ ਸਕੂਲਾਂ ਦੇ 34 ਵਿਦਿਆਰਥੀ ਅਤੇ ਦੂਜਾ ਦਰਜਾ (ਛੇਵੀਂ ਤੋਂ ਅੱਠਵੀਂ) ਦੀ ਪ੍ਰਖਿਆ ਵਿੱਚੋਂ 32 ਵਿਦਿਆਰਥੀ ਮੈਰਿਟ ਲਿਸਟ ਵਿੱਚ ਆਏ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਇਸ ਇਮਤਿਹਾਨ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਅਕਤੂਬਰ 2024 ਵਿੱਚ ਹੋਣ ਵਾਲੇ ਅੰਤਰ-ਸਕੂਲ ਯੁਵਕ ਮੇਲੇ ਵਿੱਚ ਨਗਦ ਇਨਾਮ ਅਤੇ ਮੋਮੈਂਟੋ ਨਾਲ ਵਿਸ਼ੇਸ ਤੌਰ 'ਤੇ ਸਨਮਾਨ ਦਿੱਤਾ ਜਾਵੇਗਾ। ਇਸ ਇਮਤਿਹਾਨ ਨੂੰ ਸਫ਼ਲਤਾਪੂਰਵਕ ਨੇਪਰੇ ਚਾੜਨ ਲਈ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਬਠਿੰਡਾ ਦੀ ਟੀਮ ਵਜੋਂ ਇਕਬਾਲ ਸਿੰਘ, ਸੁਰਿੰਦਰਪਾਲ ਸਿੰਘ, ਰਮਨਦੀਪ ਸਿੰਘ, ਊਧਮ ਸਿੰਘ, ਹਰਪਾਲ ਸਿੰਘ, ਸੁਖਮਿੰਦਰ ਸਿੰਘ ਦਾ ਖਾਸ ਯੋਗਦਾਨ ਰਿਹਾ।

### ਮਾਮਲਾ ਕਣਕ ਦੀ ਕੀਤੀ ਜਾ ਰਹੀ ਕਟੌਤੀ ਨੂੰ ਰੋਕਣ ਦਾ

## ਪੰਜਾਬ ਰਾਜ ਫੂਡ ਕਮਿਸ਼ਨ ਨੇ ਸਤਨਾਮ ਸਿੰਘ ਗਿੱਲ ਦੀ ਲਿਖਤ ਤੇ ਡਾਇਰੈਕਟਰ ਖਪਤਕਾਰ ਮਾਮਲੇ ਨੂੰ ਜਾਰੀ ਕੀਤਾ ਪੱਤਰ



ਅੰਮ੍ਰਿਤਸਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਰਾਜ ਫੂਡ ਕਮਿਸ਼ਨ ਵੱਲੋਂ ਡਾਇਰੈਕਟਰ ਖੁਰਾਕ ਸਪਲਾਈਜ ਅਤੇ ਖਪਤਕਾਰ ਮਾਮਲੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰ ਦਿੱਤਾ ਹੈ ਚੌਕ ਮਹਿਤਾ 7 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਵਸੀਲਿਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਰਾਸ਼ਨ ਡੀਪੂਆਂ ਤੋਂ ਵੰਡੀਂ ਜਾਣ ਵਾਲੀ ਸਰਕਾਰੀ ਕਣਕ ਮੌਕੇ ਖਪਤਕਾਰਾਂ ਦੀ ਹੋ ਰਹੀ ਖੱਜਲ ਖੁਆਰੀ ਅਤੇ ਕਣਕ ਦੇ ਕੋਟੇ ਚੋਂ ਕੀਤੀ ਜਾ ਰਹੀ ਕਟੌਤੀ ਨੂੰ ਰੋਕਣ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਰਦਾਰ ਸਤਨਾਮ ਸਿੰਘ ਗਿੱਲ ਨੇ ਵਿਭਾਗੀ ਪੱਧਰ ਤੇ ਚਾਰਾਜੋਈ ਕੀਤੀ ਸੀ। ਅੱਜ ਇੱਥੇ ਪੱਤਰਕਾਰ ਮਿਲਣੀ ਮੌਕੇ ਅਪੀਲ ਕਰਤਾ ਧਿਰ ਸਤਨਾਮ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਹੋਇਆ ਦੱਸਿਆ ਹੈ ਕਿ ਜਨਤਕ ਵੰਡ ਪ੍ਰਣਾਲੀ ਤਹਿਤ ਸਰਕਾਰੀ ਰਾਸ਼ਨ ਡੀਪੂਆਂ ਤੋਂ ਕਣਕ ਦੀ ਵੰਡ ਕਰਨ ਵੇਲੇ ਖਪਤਕਾਰਾਂ ਦੀਆਂ ਲਗਵਾਈਆਂ ਜਾਂਦੀਆਂ ਲੰਮੀਆਂ ਲੰਮੀਆਂ ਕਤਾਰਾਂ 'ਚ ਘੰਟਿਆਂ ਬੱਧੀ ਖੜਨ ਵਾਲੇ ਭਿਆਨਕ ਬਿਮਾਰੀਆਂ ਤੋਂ ਪੀੜਤ ਮਰੀਜਾਂ ਨੂੰ ਸਰੀਰਕ ਤੇ ਮਾਨਸਿਕ ਪਰੇਸ਼ਾਨੀ ਬਤਦਾਸ਼ਤ ਕਰਨ ਦੇ ਨਾਲ ਨਾਲ ਜਲਾਲਤ ਵੀ ਝੱਲਣੀ ਪੈ ਰਹੀ ਹੈ.। ਜਿਸ ਨੂੰ ਠੱਲਣ ਦੇ ਲਈ ਘੱਟ ਗਿਣਤੀ ਲੋਕ ਭਲਾਈ ਨੇ ਕਮਿਸ਼ਨ ਤੱਕ ਸਿੱਧੀ ਪਹੁੰਚ ਕੀਤੀ ਹੈ। ਸਰਦਾਰ ਗਿੱਲ ਨੇ ਕਿਹਾ ਕਿ ਪਿੰਡਾਂ, ਵਾਰਡਾਂ ਆਦਿ 'ਚ ਰਹਿ ਰਹੇ ਖਪਤਕਾਰਾਂ ਨੂੰ ਘਰੋਂ ਘਰੀ ਪੱਰਚੀਆਂ ਕੱਟ ਕੇ ਦੇਣ ਅਤੇ ਕਣਕ ਦਾ ਤੈਅਸ਼ੁਦਾ ਸਟਾਕ ਲੋਕਾਂ ਦੀਆਂ ਸਰਦਲਾਂ ਤੇ ਪਹੁਚਾਉਂਣ ਲਈ ਵਿਭਾਗ ਨੂੰ ਰਜਾਮੰਦ ਕਰਨ ਲਈ ਪੱਤਰ ਲਿਖਿਆ ਗਿਆ ਸੀ । ਜਿਸ ਨੂੰ ਬਹੁਤ ਹੀ ਗੰਭੀਰਤਾਂ ਨਾਲ ਲੈਂਦੀਆਂ ਪੱਤਰ ਵਿੱਚ ਉਠਾਏ ਗਏ ਮੁੱਦਿਆਂ ਨਾਲ ਰਜਾਮੰਦ ਹੁੰਦਿਆਂ ਕਮਿਸ਼ਨ ਨੇ ਕਣਕ ਵੰਡਣ ਦੀ ਪ੍ਰਕਿਰਿਆ ਵਿੱਚ ਪਾਰਦਰਸਤਾ ਲਿਆਉਂਣ ਅਤੇ ਚੋਰ ਮੋਰੀਆਂ ਬੰਦ ਕਰਨ ਦੇ ਲਈ ਪੰਜਾਬ ਰਾਜ ਫੂਡ ਕਮਿਸ਼ਨ ਨੇ ਡਾਇਰੈਕਟਰ ਖੁਰਾਕ ਸਪਲਾਈਜ ਅਤੇ ਖਪਤਕਾਰ ਮਾਮਲੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰ ਦਿੱਤਾ ਹੈ । ਇੱਕ ਸਵਾਲ ਦੇ ਜਵਾਬ ਵਿੱਚ ਉਨਾ ਨੇ ਕਿਹਾ ਹੈ ਕਿ ਸਾਡਾ ਮਕਸਦ ਲੋਕਾਂ ਨੂੰ ਕਣਕ ਇੱਜਤ ਨਾਲ ਮਿਲੇ ਅਤੇ ਕਿਸੇ ਨੂੰ ਵੀ ਮੰਗਤਿਆਂ ਵਾਂਗ ਕਤਾਰ 'ਚ ਖੜਕੇ ਆਪਣੀ ਵਾਰੀ ਦਾ ਇੰਤਜ਼ਾਰ ਨਾ ਕਰਨਾ ਪਵੇ।ਉਨਾ ਨੇ ਪੁੱਛਣ ਤੇ ਦੱਸਿਆ ਕਿ ਭੇਜੀ ਗਈ ਤਜਵੀਜ਼ ਵਿੱਚ ਲਿਖਤੀ ਸੁਝਾਅ ਦਿਤਾ ਗਿਆ ਹੈ ਕਿ ਖੁਰਾਕ ਸਪਲਾਈਜ ਵਿਭਾਗ ਦੇ ਕਰਮਚਾਰੀਆਂ ਅਤੇ ਪਿੰਡਾਂ ਦੇ ਵਲੰਟੀਅਰਾਂ ਨੂੰ ਨਾਲ ਲੈਕੇ ਅਗਲੇ ਸੈਸ਼ਨ ਤੋਂ ਕਣਕ ਰਾਸ਼ਨ ਡੀਪੂਆਂ ਤੇ ਵੰਡਣ ਦੀ ਬਜਾਏ ਘਰਾਂ 'ਚ ਤਕਸੀਮ ਕੀਤੀ ਜਾਵੇ । ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਰਦਾਰ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਇਸ ਫਾਰਮੂਲੇ ਨੂੰ ਜਲਦੀ ਅਮਲ ਵਿੱਚ ਲਿਆਉਂਣ ਲਈ ਉਹ ਜਲਦੀ ਸਬੰਧਿਤ ਵਿਭਾਗ ਦੇ ਮੰਤਰੀ ਨੂੰ ਵੀ ਮਿਲਣਗੇ ।

### ਪੰਜਾਬ ਸਰਕਾਰ ਖੇਡਾਂ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕਰ ਰਹੀ ਕੰਮ

## ਨੌਜਵਾਨ ਖੇਡਾਂ ਨਾਲ ਜੁੜ ਕੇ ਆਪਣਾ ਬਿਹਤਰ ਭਵਿੱਖ ਬਣਾ ਸਕਦੇ ਹਨ: ਈ.ਟੀ.ਓ.





ਜੰਡਿਆਲਾ ਗੁਰੂ 7 ਸਤੰਬਰ ( ਕੁਲਵੰਤ ਸਿੰਘ ਵਿਰਦੀ) ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਨੇ ਜਦੋਂ ਤੋਂ ਸੂਬੇ ਦੀ ਵਾਗਡੋਰ ਸੰਭਾਲੀ ਹੈ ਉਦੋਂ ਤੇ ਹੀ ਖੇਡਾਂ ਨੂੰ ਹੋਰ ਉੱਚਾ ਚੁੱਕਣ ਵਾਸਤੇ ਵਿਸ਼ੇਸ਼ ਯਤਨ ਕੀਤੇ ਗਏ ਹਨ ਅਤੇ ਰਾਜ ਵਿੱਚ ਚੱਲ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਪੰਜਾਬ ਦੇ ਸੁਨਹਿਰੇ ਭਵਿੱਖ ਦਾ ਗਵਾਹ ਬਣਨਗੀਆਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਨੇ ਤਰਸਿੱਕਾ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਬਲਾਕ ਪੱਧਰੀ ਮੁਕਾਬਲੇ ਸ਼ੁਰੂ ਕਰਨ ਮੌਕੇ ਖਿਡਾਰੀਆਂ ਨਾਲ ਜਾਣ ਪਛਾਣ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਅਤੇ ਸੂਬੇ ਦੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਵਿੱਚ ਲਿਆਉਣ ਲਈ ਸ਼ੁਰੂ ਕੀਤੀਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਦਾ ਤੀਜਾ ਸੀਜਨ ਇਸ ਗੱਲ ਦਾ ਗਵਾਹ ਹੈ ਕਿ ਸਾਡੇ ਨੌਜਵਾਨ ਵੱਧ ਚੜ ਕੇ ਖੇਡ ਮੈਦਾਨਾਂ ਵਿੱਚ ਆ ਰਹੇ ਹਨ ਅਤੇ ਸੂਬੇ ਦਾ ਨਾਮ ਵਿਸ਼ਵ ਭਰ ਵਿੱਚ ਉੱਚਾ ਕਰ ਰਹੇ ਹਨ। ਸਰਦਾਰ ਹਰਭਜਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲਾਂ ਹੀ ਖੇਡਾਂ ਵਿੱਚ ਵਧੀਆ ਨਾਮਣਾ ਖੱਟਣ ਵਾਲੇ ਖਿਡਾਰੀਆਂ ਨੂੰ ਉੱਚ ਪਦਵੀਆਂ ਦੇ ਕੇ ਸਨਮਾਨਿਆ ਹੈ ਅਤੇ ਹੁਣ ਵੀ ਜਿਹੜੇ ਵੀ ਖਿਡਾਰੀ ਸੂਬੇ ਦਾ ਨਾਮ ਦੁਨੀਆਂ ਵਿੱਚ ਰੌਸ਼ਨ ਕਰਨਗੇ ਉਹਨਾਂ ਨੂੰ ਉਹਨਾਂ ਦੀ ਯੋਗਤਾ ਅਨੁਸਾਰ ਉੱਚ ਅਹੁਦੇ ਦਿੱਤੇ ਜਾਣਗੇ। ਉਹਨਾਂ ਹੋਰ ਕਿਹਾ ਕਿ ਸਾਡੀ ਸਰਕਾਰ ਨੇ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ ਤਕਰੀਬਨ 47 ਹਜਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਜਿਨਾਂ ਵਿੱਚ ਵੱਡੀ ਗਿਣਤੀ ਖਿਡਾਰੀਆਂ ਦੀ ਵੀ ਹੈ। ਉਹਨਾਂ ਹੋਰ ਕਿਹਾ ਕਿ ਅੱਜ ਦੇ ਦੌਰ ਵਿੱਚ ਖੇਡਾਂ ਬਹੁਤ ਜਰੂਰੀ ਹਨ ਕਿਉਂਕਿ ਖੇਡਾਂ ਨਾਲ ਜੁੜ ਕੇ ਹੀ ਸਾਡੇ ਨੌਜਵਾਨ ਸਮਾਜਿਕ ਲਾਣਤਾਂ ਤੋਂ ਦੂਰ ਰਹਿ ਸਕਦੇ ਹਨ।ਕੈਬਨਟ ਮੰਤਰੀ ਨੇ ਨੌਜਵਾਨ ਪੀੜੀ ਨੂੰ ਪ੍ਰੇਰਤ ਕਰਦਿਆਂ ਕਿਹਾ ਕਿ ਖੇਡਾਂ ਇੱਕ ਅਜਿਹਾ ਖੇਤਰ ਹਨ ਜਿਸ ਨਾਲ ਜੁੜ ਕੇ ਜਿੱਥੇ ਸਮਾਜ ਵਿੱਚ ਫੈਲੀ ਨਸ਼ਿਆਂ ਦੀ ਲਾਹਣਤ ਦਾ ਖਾਤਮਾ ਕੀਤਾ ਜਾ ਸਕਦਾ ਹੈ, ਉਥੇ ਹੀ ਨੌਜਵਾਨ ਆਪਣਾ ਭਵਿੱਖ ਵੀ ਰੌਸ਼ਨ ਕਰ ਸਕਦੇ ਹਨ। ਇਸ ਮੌਕੇ ਜਿਲਾ ਖੇਡ ਅਫਸਰ ਸੁਖਚੈਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਯਤਨਾਂ ਸਦਕਾ ਅੱਜ ਸਾਡੇ ਪੰਜਾਬੀ ਖੇਡਾਂ ਦੇ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਰਹੇ ਹਨ ।ਉਹਨਾਂ ਕਿਹਾ ਕਿ ਸਰਕਾਰ ਵੱਲੋਂ ਖਿਡਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਦਕਾ ਹੀ ਅੱਜ ਓਲੰਪਿਕ ਖੇਡਾਂ ਵਿੱਚ ਹਾਕੀ ਦੀ ਟੀਮ ਵੱਲੋਂ ਕਾਸੀ ਦਾ ਤਗਮਾ ਜਿੱਤਿਆ ਗਿਆ ਹੈ। ਜਿਸ ਵਿੱਚ ਪੰਜਾਬ ਦੇ ਖਿਡਾਰੀਆਂ ਦਾ ਵੱਡਾ ਯੋਗਦਾਨ ਹੈ। ਉਹਨਾਂ ਕਿਹਾ ਕਿ ਸਰਕਾਰ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾ ਰਹੀ ਹੈ ਅਤੇ ਖਿਡਾਰੀਆਂ ਦੀ ਸਹੂਲਤ ਲਈ ਹੋਰ ਇੰਤਜ਼ਾਮ ਵੀ ਕੀਤੇ ਜਾ ਰਹੇ ਹਨ ਤਾਂ ਜੋ ਸਾਡੇ ਨੌਜਵਾਨ ਪੀੜੀ ਖੇਡਾਂ ਦੇ ਖੇਤਰ ਵਿੱਚ ਦਿਨ ਦੂਣੀ ਰਾਤ ਚੌਗਣੀ ਤਰੱਕੀ ਕਰ ਸਕੇ। ਇਸ ਮੌਕੇ ਡੀਐਸਪੀ ਰਵਿੰਦਰ ਸਿੰਘ, ਬਲਾਕ ਪ੍ਰਧਾਨ ਬਲਰਾਜ ਸਿੰਘ, ਗੁਰਜਿੰਦਰ ਸਿੰਘ, ਜਰਮਨ ਸਿੰਘ , ਭੁਪਿੰਦਰ ਸਿੰਘ, ਚੇਅਰਮੈਨ ਛਣਾਕ ਸਿੰਘ, ਗੁਰਮੁਖ ਸਰਜਾ, ਪ੍ਰਿੰਸੀਪਲ ਸਰਕਾਰੀ ਸੀ ਸੇ ਸਕੂਲ ਤਰਸਿੱਕਾ ਅਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

## ਗੁਰੂ ਨਾਨਕ ਪਬਲਿਕ ਸਕੂਲ ਵਿੱਚ ਮਨਾਇਆ ਗਿਆ ਅਧਿਆਪਕ ਦਿਵਸ



ਨਵੀਂ ਦਿੱਲੀ 7 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰੂ ਨਾਨਕ ਪਬਲਿਕ ਸਕੂਲ ਰਾਜੋਰੀ ਗਾਰਡਨ ਵਿਚ ਵਿੱਚ ਅਧਿਆਪਕ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਮੈਨੇਜਰ ਜਗਜੀਤ ਸਿੰਘ ਨੇ ਕੀਤੀ, ਉਪਰੰਤ ਪ੍ਰਬੰਧਕਾਂ ਵਲੋਂ ਸਾਰਿਆਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ । ਇਸ ਪ੍ਰੋਗਰਾਮ ਵਿੱਚ ਅਧਿਆਪਕ ਦਿਵਸ ਮੌਕੇ ਵਿਦਿਆਰਥੀਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸਕੂਲ ਦੇ ਅਧਿਆਪਕਾਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਅਤੇ ਉੱਥੇ ਮੌਜੂਦ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਨੂੰ ਸਵੈ-ਪਿਆਰ ਤੋਹਫ਼ੇ ਵੀ ਭੇਟ ਕੀਤੇ, ਅਧਿਆਪਕ ਦਿਵਸ ਮੌਕੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਅਤੇ ਮਹਾਨ ਅਧਿਆਪਕ ਅਤੇ ਦਾਰਸ਼ਿਨਕ ਡਾ: ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਯਾਦ ਕਰਦਿਆਂ ਸਕੂਲ ਦੇ ਮੈਨੇਜਰ ਜਗਜੀਤ ਸਿੰਘ ਨੇ ਕਿਹਾ ਕਿ ਸਾਡੇ ਦੇਸ਼ ਵਿੱਚ ਅਧਿਆਪਕਾਂ ਦਾ ਸਤਿਕਾਰ ਕਰਨ ਦੀ ਮਿਥਿਹਾਸਕ ਪਰੰਪਰਾ ਰਹੀ ਹੈ। ਸਾਡੇ ਦੇਸ਼ ਵਿੱਚ ਅਧਿਆਪਕਾਂ ਨੂੰ ਰੱਬ ਦਾ ਦਰਜਾ ਦਿੱਤਾ ਗਿਆ ਹੈ, ਅਧਿਆਪਕ ਮੋਮਬੱਤੀਆਂ ਵਾਂਗ ਆਪਣੇ ਆਪ ਨੂੰ ਜਲਾ ਕੇ ਪੂਰੀ ਦੁਨੀਆ ਨੂੰ ਰੋਸ਼ਨ ਕਰਨ ਦਾ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਅਧਿਆਪਕ ਸਮਾਜ ਦਾ ਪ੍ਰੇਰਕ ਹੁੰਦਾ ਹੈ ਅਤੇ ਉਹ ਦੇਸ਼ ਦੇ ਵਿਕਾਸ ਅਤੇ ਸੱਭਿਅਕ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਨਪ੍ਰੀਤ ਕੌਰ ਨੇ ਕਿਹਾ ਕਿ ਅਧਿਆਪਕ ਆਪਣੇ ਵਿਦਿਆਰਥੀ ਨੂੰ ਆਉਣ ਵਾਲੀਆਂ ਚੁਣੌਤੀਆਂ ਲਈ ਵੀ ਤਿਆਰ ਕਰਦਾ ਹੈ।ਉਨ੍ਹਾਂ ਅਧਿਆਪਕ ਦਿਵਸ ਦੀ ਵਧਾਈ ਦਿੱਤੀ ਅਤੇ ਅਧਿਆਪਕ ਦਿਵਸ ਦੇ ਇਤਿਹਾਸ ਅਤੇ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇੱਕ ਆਦਰਸ਼ ਅਧਿਆਪਕ ਨਾ ਸਿਰਫ਼ ਸਮਾਜ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਆਪਣੀ ਗੁਰੂਕੁਲ ਪਰੰਪਰਾ ਨੂੰ ਕਾਇਮ ਰੱਖਦਾ ਹੈ, ਉਹ ਨਾ ਸਿਰਫ ਆਪਣੇ ਵਿਦਿਆਰਥੀਆਂ ਨੂੰ ਪ੍ਰਤੀਕੂਲ ਸਥਿਤੀਆਂ ਦਾ ਬਹਾਦਰੀ ਨਾਲ ਸਾਹਮਣਾ ਕਰਨ ਵਿੱਚ ਮਦਦ ਕਰਦਾ ਹੈ ਬਲਕਿ ਉਹਨਾਂ ਦੇ ਜੀਵਨ ਨੂੰ ਸੁਧਾਰਨ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ।

# ਇੱਕ ਨਜ਼ਰ ...





## ਸੁਖਦੇਵ ਸਿੰਘ ਹਠੂਰੀਆ ਦੀ ਅਗਵਾਈ ਹੇਠ ਪਿੰਡ ਮਲਕ ਵਿਖੇ ਅਧਿਆਪਕ ਦਿਵਸ ਮਨਾਇਆ

### ਅਧਿਆਪਕਾਂ ਦੀ ਮਿਹਨਤ ਅਤੇ ਲਗਨ ਸਦਕਾ ਬੱਚੇ ਪੜ੍ਹ ਲਿਖ ਕੇ ਤਰੱਕੀਆਂ ਕਰਦੇ ਹਨ: ਸੁਖਦੇਵ ਸਿੰਘ ਹਠੂਰੀਆ

ਜਗਰਾਉਂ, ਲੁਧਿਆਣਾ, 7 ਸਤੰਬਰ (ਵਰਿਆਮ ਹਠੂਰ) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਗਰਾਉਂ ਸ: ਸੁਖਦੇਵ ਸਿੰਘ ਹਠੂਰੀਆ ਦੀ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਮਲਕ ਵਿੱਚ ਅਧਿਆਪਕ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ, ਪ੍ਰੋਗਰਾਮ ਦੀ ਸ਼ੁਰੂਆਤ ਤਾੜੀਆਂ ਦੀ ਗੂੰਜ ਵਿੱਚ ਹੋਈ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ: ਸੁਖਦੇਵ ਸਿੰਘ ਹਠੂਰੀਆ ਨੇ ਇਕੱਤਰ ਹੋਈਆਂ ਸਤਿਕਾਰਯੋਗ ਸ਼ਖ਼ਸੀਅਤਾਂ ਅਤੇ ਟੀਚਰ ਸਹਿਬਾਨਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ, ਇਸ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਨੇ ਵੀ ਸਟੇਜ ਤੋਂ ਆਪਣੇ ਮਨ ਦੇ ਵਲਵਲੇ ਸਾਂਝੇ ਕੀਤੇ, ਬਲਾਕ ਜਗਰਾਉਂ ਦੇ ਸੱਤ ਸੈਂਟਰਾਂ ਵਿੱਚੋਂ ਹਰੇਕ ਸੈਂਟਰ ਦੇ ਇੱਕ ਅਧਿਆਪਕ ਜੋ ਸੈਂਟਰ ਵੱਲੋਂ ਚੁਣੇ ਗਏ ਸਨ।ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਪ੍ਰੋਗਾਰਮ ਦੇ ਮੁੱਖ ਮਹਿਮਾਨ ਡਿਪਟੀ ਡੀ. ਈ. ਉ. ਸ਼੍ਰੀ ਮਨੋਜ ਕੁਮਾਰ ਐਲੀ: ਸਿ: ਲੁਧਿਆਣਾ ਸਨ। ਜਿਹਨਾਂ ਨੇ ਪ੍ਰੋਗਰਾਮ ਨੂੰ ਹੋਰ ਵੀ ਚਾਰ ਚੰਨ ਲਾ ਦਿੱਤੇ, ਡਿਪਟੀ ਡੀ ਈ ਉ ਨੇ ਸਨਮਾਨਿਤ ਹੋਣ ਵਾਲੇ ਅਧਿਆਪਕਾਂ ਨੂੰ ਵਧਾਈਆਂ ਅਤੇ ਚੰਗੇਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ. ਸੁਖਦੇਵ ਸਿੰਘ ਹਠੂਰੀਆ ਨੇ ਸਨਮਾਨਿਤ ਹੋਣ ਵਾਲੇ ਅਧਿਆਪਕਾਂ ਨੂੰ ਅੱਗੇ ਤੋਂ ਹੋਰ ਵੀ ਉਤਸ਼ਾਹ ਨਾਲ ਕੰਮ ਕਰਨ ਅਤੇ ਸਕੂਲ ਦੀ ਬੇਹਤਰੀ ਲਈ ਨਿਰੰਤਰ ਯਤਨ ਕਰਨ ਲਈ ਪ੍ਰੇਰਿਆ, ਤੇ ਸਮੂਹ ਟੀਚਰ ਸਹਿਬਾਨਾਂ ਨੂੰ ਮੁਬਾਰਕਾਂ ਦਿੱਤੀਆਂ, ਸਰਕਾਰੀ ਪ੍ਰਾਇਮਰੀ ਸਕੂਲ ਮਲਕ ਵੱਲੋਂ ਪ੍ਰੋਗਰਾਮ ਦਾ ਪ੍ਰਬੰਧ ਕਰਨ ਲਈ ਵੀ ਧੰਨਵਾਦ ਕੀਤਾ, ਅੰਤ ਵਿੱਚ ਸੈਂਟਰ ਹੈੱਡ ਟੀਚਰ ਸ. ਪ੍ਰਿਤਪਾਲ ਸਿੰਘ ਨੇ ਆਏ ਹੋਏ ਮੁੱਖ ਮਹਿਮਾਨ ਸ੍ਰੀ ਮਨੋਜ ਕੁਮਾਰ ਡਿਪਟੀ ਡੀ.ਓ. ਐਲੀਮੈਂਟਰੀ ਸਿੱਖਿਆ ਦਾ ਧੰਨਵਾਦ ਕੀਤਾ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ.ਸੁਖਦੇਵ ਸਿੰਘ ਹਠੂਰੀਆ ਦਾ ਵੀ ਖਾਸ ਤੌਰ ਤੇ ਧੰਨਵਾਦ ਕੀਤਾ ਜਿਹਨਾਂ ਦੇ ਸਦਕਾ ਅੱਜ ਦਾ ਇਹ ਨਿਵੇਕਲਾ ਪ੍ਰੋਗਰਾਮ ਜੋ ਅਧਿਆਪਕਾਂ ਦੇ ਸਨਮਾਨ ਲਈ ਰੱਖਿਆ ਗਿਆ ਸੀ ਉਹ ਨੇਪਰੇ ਚੜ੍ਹਿਆ, ਇਸ ਮੌਕੇ ਸੈਂਟਰ ਹੈੱਡ ਟੀਚਰਜ਼ , ਦਫਤਰ ਦੇ ਕਰਮਚਾਰੀ ਅਤੇ ਬਾਹਰੋਂ ਆਏ ਪਤਵੰਤੇ ਸੱਜਣਾਂ ਦਾ ਵੀ ਧੰਨਵਾਦ ਕੀਤਾ ਜਿਨਾਂ ਨੇ ਪ੍ਰੋਗਰਾਮ ਦੀ ਰੌਣਕ ਵਧਾ ਕੇ ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਦੀ ਹੌਂਸਲਾ ਅਫ਼ਜਾਈ ਕੀਤੀ।ਪ੍ਰੋਗਰਾਮ ਵਿੱਚ ਸਨਮਾਨਿਤ ਹੋਣ ਵਾਲੇ ਅਧਿਆਪਕਾਂ ਵਿੱਚ ਸ਼੍ਰੀਮਤੀ ਸੁਮਨ ਕੁਮਾਰੀ ਸੈਂਟਰ ਮਲਕ, ਸ਼੍ਰੀਮਤੀ ਮਧੂਬਾਲਾ ਗਰਗ ਸੈਂਟਰਲ ਗਰਲਜ, ਸ. ਬਲਜਿੰਦਰ ਸਿੰਘ ਸੈਂਟਰ ਕਮਾਲਪੁਰਾ, ਸ.ਗੌਰਵਜੀਤ ਸਿੰਘ ਸੈਂਟਰ ਹਾਂਸ ਕਲਾਂ, ਸ਼੍ਰੀਮਤੀ ਰੇਖਾ ਸੈਂਟਰ ਅਗਵਾੜ ਗੁਜਰਾਂ (ਮੁੰਡੇ) ਸ਼੍ਰੀਮਤੀ ਹਰਜਿੰਦਰ ਕੌਰ ਸੈਂਟਰ ਗਗੜਾ, ਸ਼੍ਰੀਮਤੀ ਸਰਬਜੀਤ ਕੌਰ ਸੈਂਟਰ ਕਾਉਂਕੇ ਕਲਾਂ, ਸਨ। ਗੱਲਬਾਤ ਕਰਦਿਆਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ: ਸੁਖਦੇਵ ਸਿੰਘ ਹਠੂਰੀਆ ਨੇ ਕਿਹਾ ਕਿ ਅਧਿਆਪਕਾਂ ਦੀ ਸਖ਼ਤ ਮਿਹਨਤ ਅਤੇ ਲਗਨ ਸਦਕਾ ਬੱਚੇ ਪੜ੍ਹ ਲਿਖ ਕੇ ਤਰੱਕੀਆਂ ਕਰਦੇ ਹਨ। ਤੇ ਬੱਚਿਆਂ ਨੂੰ ਅੱਛੇ ਸੰਸਕਾਰ ਦੇ ਕੇ ਉਨ੍ਹਾਂ ਦਾ ਮਾਰਗ ਦਰਸ਼ਨ ਵੀ ਅਧਿਆਪਕ ਹੀ ਕਰਦੇ ਹਨ। ਇਸ ਲਈ ਸਟੂਡੈਂਟਸ ਨੂੰ ਅਧਿਆਪਕਾਂ ਦੀ ਕਦਰ ਕਰਨੀ ਚਾਹੀਦੀ ਹੈ। ਮਾਸਟਰ ਸਤਨਾਮ ਸਿੰਘ ਹਠੂਰ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ, ਇਸ ਮੌਕੇ ਅਨੇਕਾਂ ਅਧਿਆਪਕ ਅਤੇ ਸਤਿਕਾਰਯੋਗ ਸ਼ਖ਼ਸੀਅਤਾਂ ਹਾਜ਼ਰ ਸਨ।

## ਹੱਸਦਾ, ਵੱਸਦਾ ਰੰਗਲਾ ਪੰਜਾਬ ਬਣਾਉਣ ਲਈ ਮੁੱਖ ਮੰਤਰੀ ਦਾ ਸੁਪਨਾ ਪੂਰਾ ਹੋ ਰਿਹਾ: ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ



ਧੂਰੀ, 7 ਸਤੰਬਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਨੂੰ ਮੁੜ ਤੇ ਹੱਸਦਾ ਵੱਸਦਾ ਤੇ ਰੰਗਲਾ ਪੰਜਾਬ ਬਣਾਉਣ ਲਈ ਵੇਖਿਆ ਗਿਆ ਸੁਪਨਾ ਪੂਰਾ ਹੋਣਾ ਸੁਰੂ ਹੋ ਚੁੱਕਾ ਹੈ। ਪਿੰਡਾਂ ਦੇ ਖੇਡ ਮੈਦਾਨਾਂ ਵਿੱਚ ਮੁੜ ਤੋਂ ਮੇਲੇ ਲੱਗਣੇ ਸ਼ੁਰੂ ਹੋ ਗਏ ਹਨ। ਨੌਜਵਾਨਾ ਨੂੰ ਵੱਧ ਤੋ ਵੱਧ ਨੌਕਰੀਆਂ ਮਿਲ ਰਹੀਆਂ ਹਨ, ਨਸਿਆਂ ਨੂੰ ਕਾਫੀ ਹੱਦ ਤੱਕ ਠੱਲ੍ਹ ਪਾਈ ਗਈ ਹੈ ਤੇ ਸਰਕਾਰੀ ਦਫਤਰਾਂ ਵਿੱਚ ਲੋਕਾਂ ਦੇ ਕੰਮ ਬਿਨ੍ਹਾ ਪੈਸਿਆਂ ਤੇ ਸਿਫਾਰਸ ਤੇ ਹੋ ਰਹੇ ਹਨ, ਆਉਣ ਵਾਲਾ ਸਮਾਂ ਸੂਬੇ ਤੇ ਲੋਕਾਂ ਲਈ ਹੋਰ ਵੀ ਸੁਹਾਵਣਾ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਕੀਤਾ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 5 ਸੋ ਗਜ ਤੱਕ ਪਲਾਟਾਂ ਦੀ ਰਜਿਸਟਰੀ ਵਾਸਤੇ ਐੱਨ ਓ ਸੀ ਖਤਮ ਕਰਨ ਨਾਲ ਪੰਜਾਬ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਤੋਹਫੇ ਤੋਂ ਆਮ ਲੋਕਾਂ ਨੂੰ ਪਤਾ ਲੱਗ ਜਾਣਾ ਚਾਹੀਦਾ ਹੈ ਕਿ ਸ.ਭਗਵੰਤ ਮਾਨ ਦੇ ਇਸ ਫੈਸਲੇ ਦਾ ਮੁੱਖ ਉਦੇਸ਼ ਆਮ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ। ਪੰਜਾਬ ਦੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਨੇ ਵਿਧਾਨ ਸਭਾ ਵਿਚ ਇਤਿਹਾਸਕ ਬਿੱਲ 'ਪੰਜਾਬ ਅਪਾਰਮੈਂਟ ਐਂਡ ਪ੍ਰਾਪਟੀ ਰੈਗੂਲੇਸ਼ਨ (ਸੋਧ) ਐਕਟ 2024 ਨੂੰ ਸਰਬ ਸੰਮਤੀ ਨਾਲ ਪਾਸ ਕਰਦਿਆ ਪਲਾਟ ਦੀ ਰਜਿਜਸਟਰੀ ਲਈ ਕੋਈ ਸਰਟੀਫਿਕੇਟ(ਐਨ.ਓ.ਸੀ) ਦੀ ਸ਼ਰਤ ਨੂੰ ਖਤਮ ਕਰ ਦਿੱਤਾ ਗਿਆ ਹੈ ਅਤੇ ਇਸ ਨਾਲ ਪੰਜਾਬੀਆ ਨੂੰ ਵੱਡੀ ਰਾਹਤ ਮਿਲੇਗੀ।

## ਖਾਲਸਾ ਕਾਲਜ ਵਿਖੇ ਮੁਫ਼ਤ ਫਿਜ਼ੀਓਥੈਰੇਪੀ ਕੈਂਪ ਲਗਾਇਆ

ਅੰਮ੍ਰਿਤਸਰ, 7 ਸਤੰਬਰ ( ਆਵਾਜ਼ਿ ਕੌਮ ਬਿਊਰੋ)—ਖਾਲਸਾ ਕਾਲਜ ਦੇ ਫਿਜ਼ੀਓਥੈਰੇਪੀ ਵਿਭਾਗ ਵੱਲੋਂ ਗਲਤ ਜੀਵਨ ਸ਼ੈਲੀ ਕਾਰਨ ਪੈਦਾ ਹੋ ਰਹੀਆਂ ਗਰਦਨ ਅਤੇ ਪਿੱਠ ਦਰਦ ਵਰਗੀਆਂ ਬਿਮਾਰੀਆਂ ਨਾਲ ਪੀੜ੍ਹਤ ਮਰੀਜ਼ਾਂ ਦੇ ਇਲਾਜ ਸਬੰਧੀ ਮੁਫ਼ਤ ਫਿਜ਼ੀਓਥੈਰੇਪੀ ਇਲਾਜ ਕੈਂਪ ਲਗਾਇਆ ਗਿਆ। ਕੈਂਪ ਦਾ ਆਯੋਜਨ ਮਾਸਪੇਸ਼ੀਆਂ 'ਚ ਕੜਵੱਲ, ਗਲਤ ਢੰਗ ਨਾਲ ਉਠਣ—ਬੈਠਣ ਦੀਆਂ ਆਦਤਾਂ ਕਾਰਨ ਗਰਦਨ ਅਤੇ ਪਿੱਠ ਦੇ ਦਰਦ ਤੋਂ ਪੀੜਤ ਮਰੀਜ਼ਾਂ ਨੂੰ ਇੱਕ ਉਪਚਾਰਕ ਸਿੱਖਿਆ ਪ੍ਰਦਾਨ ਕਰਨ ਦੇ ਟੀਚੇ ਨਾਲ ਕੀਤਾ ਗਿਆ ਸੀ, ਜਿਸ ਦਾ ਉਦਘਾਟਨ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਨੇ ਕੈਂਪ ਨੂੰ ਸਫ਼ਲ ਬਣਾਉਣ ਲਈ ਵਿਭਾਗ ਮੁੱਖੀ ਡਾ. ਵਰਿੰਦਰ ਕੌਰ ਅਤੇ ਸਬੰਧਿਤ ਸਮੂੰਹ ਸਟਾਫ਼ ਨੂੰ ਵਧਾਈ ਦਿੰਦਿਆਂ ਭਰੋਸਾ ਦਿੱਤਾ ਕਿ ਕਾਲਜ ਭਵਿੱਖ 'ਚ ਵੀ ਅਜਿਹੀਆਂ ਮੁਫ਼ਤ ਸੇਵਾਵਾਂ ਪ੍ਰਦਾਨ ਕਰਦਾ ਰਹੇਗਾ।

# ਕੀ ਕਿਸਾਨ ਭਰਾਵਾਂ ਨੂੰ ਕੀਟਨਾਸ਼ਕ, ਉੱਲੀਨਾਸ਼ਕ, ਨਦੀਨਨਾਸ਼ਕ ਤੇ ਤੱਤਾਂ ਵਾਲੀ ਖੇਤੀ ਦਵਾਈਆਂ ਨੂੰ ਮਿਕਸ ਕਰਕੇ ਫ਼ਸਲ ਤੇ ਸਪਰੇਅ ਕਰਨੀ ਲਾਹੇਵੰਦ ਨੇਂ ਜਾਂ ਲੇਬਰ, ਸਮਾਂ ਬਚਾਉਣ ਨਾਲ ਏਂ ਰੁਝਾਨ ਨੁਕਸਾਨ ਵੱਲ ਸਿੱਮਟਦਾ ਹੈ ?



ਪਿਆਰੇ ਕਿਸਾਨ ਵੀਰੋ ਸਾਨੂੰ ਇਸ ਗੱਲ ਤੇ ਲੰਮੀ ਘੋਖ ਵਿਚਾਰ ਤੇ ਸਮਝ ਨਾਲ ਪੜਤਾਲ ਕਰਨੀ ਬੇਹੱਦ ਜ਼ਰੂਰੀ ਹੈ ਕਿ ਅਸੀਂ ਸਾਰੀਆਂ ਵੱਖੋ ਵੱਖ ਬਰਾਦਰੀਆਂ ਦੀਆਂ ਖੇਤੀ ਦਵਾਈਆਂ ਦੀ ਸਪਰੇਅ ਮਿਕਸ ਕਰਕੇ ਫ਼ਸਲ ਨੂੰ ਕਰ ਸਕਦੇ ਹਾਂ ? ਕਿਉਂਕਿ ਖੇਤੀਬਾੜੀ ਖੇਤਰ ਬਹੁਤ ਹੀ ਵਿਸ਼ਾਲ ਖੇਤਰ ਹੈ। ਜਿਸਦਾ ਕਿ ਮਨੁੱਖ ਭਾਵੇਂ ਕਿੱਡਾ ਕੁ ਵੀ ਅਲੱਗ ਅਲੱਗ ਫ਼ਸਲ ਨੂੰ ਤਜ਼ਰਬੇ ਤੌਰ ਤੇ ਦੇਖ਼ਣ ਸਮਝਣ ਦੇ ਪਹਿਲੂਆਂ ਤੋਂ ਤਜ਼ਰਬੇਕਾਰ ਬਣ ਜਾਵੇ, ਤਾਂ ਵੀ ਉਸ ਨੂੰ ਵੀ ਵਧੇਰੇ ਝਾੜ ਤੇ ਝੱਟ ਕੰਮ ਨਿਬੇੜਨ ਦੀ ਕਾਹਲ ਵਿੱਚ ਕਿਸੇ ਨਾ ਕਿਸੇ ਦੀ ਸੰਸਥਾ ਜਾਂ ਵਿਦਵਾਨ ਜਾਂ ਸਿਫਾਰਸ਼ੀ ਲਿਟਰੇਚਰ ਤੋਂ ਸਲਾਹ ਲੈਣੀ ਜ਼ਰੂਰੀ ਹੋਵੇਗੀ। ਅਗ.ਰ ਉਹ ਅਜਿਹਾ ਨਹੀਂ ਕਰੇਗਾ ਤਾਂ ਵਧੇਰੇ ਆਰਥਿਕਤਾ ਤੇ ਫ਼ਸਲੀ ਨੁਕਸਾਨ ਤੇ ਦੋਹਰੇ ਕੈਮੀਕਲ ਸਪਰੇਅ ਦੇ ਮਾਰ ਹੇਠਾਂ ਵੀ ਉਹ ਆਪ ਹੀ ਜਾਣਬੁੱਝ ਪਛਤਾਵੇ ਨਾਲ ਆਵੇਗਾ।ਅੱਜ ਖੇਤੀ ਕਿੱਤੇ ਨੂੰ ਕੇਵਲ ਸਮਝ ਕੇ ਵਿਚਾਰ ਵਟਾਂਦਰਾ ਨਾਲ ਚੱਲਣਾ ਹੀ ਵੱਡੀ ਗੱਲ ਹੈ। ਇੱਕ ਤਾਜ਼ੀ ਉਦਾਹਰਨ ਸਮਾਜ ਚ ਚੱਲਦੀ ਕੀਤੀ ਕਿ ਸ਼ਾਇਦ ਤਾਂ ਜੋਂ ਉਸ ਦਾ ਫ਼ਾਇਦਾ ਤੇ ਨੁਕਸਾਨ ਬਾਰੇ ਗੱਲ ਝੱਟ ਸਮਝ ਪੈ ਜਾਵੇ। ਪਿਆਰੇ ਦੋਸਤੋ ਜਿਵੇਂ ਅੱਜ ਕਿਸੇ ਵਿਅਕਤੀ ਨਾਲ ਮੋਬਾਈਲ ਫੋਨ ਨੂੰ ਵੇਖਣ ਦੇ ਰੁਝਾਨ ਬਾਰੇ ਗੱਲਬਾਤ ਕਰੋਗੇ ਤਾਂ ਬਹੁਤ ਵਾਰ ਅਜਿਹਾ ਸੁਣਿਆ ਜਾਂਦਾ ਹੈ ਕਿ ਲਗਾਤਾਰ ਦੇਖਣ ਨਾਲ ਅੱਖਾਂ ਤਾਂ ਪੀੜ ਕਰਦੀਆਂ ਹੀ ਹਨ ਪਰ ਦਿਮਾਗ. ਨਾਲ ਜੁੜੀਆਂ ਪੁੱਰਪੜੀਆਂ ਵੀ ਦੁੱਖਣ ਲੱਗ ਜਾਂਦੀਆਂ ਹਨ। ਏਥੋਂ ਤੱਕ ਕਿ ਮਾਈਗ੍ਰੇਨ ਸ਼ੁਰੂ ਹੋ ਜਾਂਦੀ ਤੇ ਬੰਦੇ ਨੂੰ ਅਖ਼ੀਰ ਨੁਕਸਾਨ ਕਰਵਾਉਣ ਤੋਂ ਬਾਅਦ ਪਤਾ ਲੱਗਦਾ ਹੈ ਕਿ ਗਲਤੀ ਕਿਥੇ ਹੋਈ ਹੈ। ਏਸੇ ਤਰ੍ਹਾਂ ਜ਼ਿਆਦਾ ਮੋਬਾਈਲ ਚਲਾਉਣ ਨਾਲ ਅੱਖਾਂ ਨੂੰ ਝੋਉਲੇ ਤੱਕ ਪੈਣ ਲੱਗਦੇ ਨੇ ਤੇ ਦੂਰ ਦੀ ਨਿਗ੍ਹਾ ਤੱਕ ਘੱਟ ਜਾਂਦੀ ਹੈ। ਦੋਸਤੋ ਏਥੇ ਏਂ ਸਮਝਣ ਦੀ ਲੋੜ ਹੈ ਕਿ ਮੋਬਾਈਲ ਮਾੜਾ ਨਹੀਂ, ਟੈੱਕਨੋਲੋਜੀ ਮਾੜੀ ਨਹੀਂ, ਉਸ ਦੀ ਸਹੀ ਵਰਤੋਂ, ਸਹੀ ਸਮੇਂ ਮੁਤਾਬਿਕ ਨਾ ਕਰਨੀ ਹੀ ਸਾਡੀ ਸਿਹਤ ਨੂੰ ਖ਼ਰਾਬ ਕਰਦੀ ਹੈ। ਕਿਸਾਨ ਵੀਰੋ ਏਸੇ ਤਰ੍ਹਾਂ ਖੇਤੀ ਦਵਾਈਆਂ ਕੋਈ ਵੀ ਹੋਵੇ ਜੇਕਰ ਸਹੀ ਸਮੇਂ ਤੇ ਵਰਤੋਂ ਅਤੇ ਸਹੀ ਮਾਤਰਾ ਵਿਚ ਵਰਤੋਂ, ਨਾਲ ਸਪਰੇਅ ਹੋਵੇਗੀ ਤਾਂ ਸ਼ਾਇਦ ਨਾ ਕਿਸਾਨ ਨੂੰ ਦੂਜੀ ਵਾਰ ਸਪਰੇਅ ਕਰਨ ਨਾਲ ਆਰਥਿਕ ਨੁਕਸਾਨ ਹੋਵੇਗਾ ਤੇ ਨਾਲ ਹੀ ਫ਼ਸਲ ਨੂੰ ਕੋਈ ਸਾੜ ਆਦਿ ਦਾ ਸਾਹਮਣਾ ਕਰਨਾ ਪਵੇਗਾ। ਸਾਨੂੰ ਸਮਝਣ ਦੀ ਲੋੜ ਹੈ ਕਿ ਕਿਹੜੀ ਦਵਾਈ ਸੰਘਣੀ ਹੈਂ ਤੇ ਕਿਹੜੀ ਦਵਾਈ ਪਤਲੀ। ਉਸ ਦਵਾਈ ਦਾ ਚੰਗਾ ਨਤੀਜਾ ਲੈਣ ਲਈ ਉਸ ਵਿੱਚ ਕਿੰਨਾ ਪਾਣੀ ਮਿਲਾਇਆ ਜਾਵੇ। ਖ਼ੇਤਾਂ ਚ ਚੱਲਦੇ ਰੁਝਾਨ ਦੀ ਗੱਲ ਕਰੀਏ ਤਾਂ ਅਕਸਰ ਖੇਤ ਵਿੱਚ ਸਪਰੇਅ ਕਰਨ ਲਈ ਜਦੋਂ ਕੈਮੀਕਲ ਕੀੜੇਮਾਰ, ਉਲੀ, ਤਾਕ.ਤ ਵਾਲੀ ਸਪਰੇਅ ਕਰਨ ਦੀ ਲੋੜ ਮਹਿਸੂਸ ਹੁੰਦੀ ਹੈ। ਉਸਨੂੰ ਚੇਤਾ ਭਾਵੇਂ ਕਿਸੇ ਨੂੰ ਕੰਮ ਕਰਦੇ ਵੱਲ ਦੇਖ ਕੇ ਆਵੇ ਜਾਂ ਆਪਣੀ ਸੋਚ ਮੁਤਾਬਕ ਸਮਝ ਨਾਲ ਆਵੇਂ, ਕਹਿਣ ਨੂੰ ਕਿ ਜ਼ਿਆਦਾਤਰ ਇਕੱਠੀਆਂ ਸਪਰੇਅ ਮਿਕਸ ਕਰਕੇ ਸਪਰੇਅ ਕਰਨ ਦਾ ਮਨ ਕਿਸਾਨ ਵੀਰ ਦਾ ਜ਼ਿਆਦਾ ਬਣਦਾ ਹੈ ਕਿ ਫ਼ਸਲ ਚ ਇੱਕੋ ਵਾਰ ਨਿਬੇੜਾ ਕਰੀਏ ਤਾਂ ਖੇਤ ਚ ਬਾਰ ਬਾਰ ਵੜਨ ਦਾ ਜੱਬ, ਦੂਜਾ ਸਪਰੇਅ ਜ਼ਿਆਦਾਤਰ ਕਿਰਾਏ ਤੇ ਕਰਵਾਉਣੀ। ਏਸ ਮਿਕਸ ਤੇ ਤੇਜ ਦਵਾਈਆਂ ਦਾ ਪ੍ਰਕੋਪ ਕਿੱਥੇ ਤੇ ਕਦੋਂ ਨਜ਼ਰ ਆਉਂਦਾ ਹੈ ਜਿਵੇਂ ਪਹਿਲਾ ਕੱਚੇ ਦੋਧੀ ਦਾਣੇ ਤੇ ਹੋਈ ਸਪਰੇਅ ਨਾਲ ਦਾਣੇ ਉਪਰਲੇ ਹਿੱਸੇ ਜਾਂ ਹੇਠਲੇ ਕਵਰ ਵਿਚ ਉੱਲੀ ਰੂੰ ਰੂਪ ਵਿੱਚ ਵੀ ਲੱਗੀ ਦਿਸਦੀ ਹੈ। ਜਿਥੇ ਬਾਅਦ ਵਿੱਚ ਅਕਸਰ ਤੇਲਾ ਬੈਠ ਖਾਂਹ ਕੇ ਹਮਲਾ ਕਰਦਾ ਹੈ। ਫੇਰ ਅਸੀਂ ਤੇਲੇ ਦੀ ਸਪਰੇਅ ਵੱਲ ਅਣਜਾਣੇ ਚ ਹੋ ਜਾਂਦੇ। ਦੂਜਾ ਵੱਡਾ ਨੁਕਸਾਨ ਨਿਸਾਰੇ ਤੇ ਪੋਲਨ ਦੇ ਸੜਨ ਨਾਲ ਦਾਣੇ ਵਿਚਲੇ ਮਾਦਾ(ਫੀਮੇਲ) ਵਾਲਾ ਹਿੱਸੇ ਦਾ ਵੀ ਦਾਣੇ ਅੰਦਰ ਹੀ ਸੜ ਜਾਣੇ ਸਾਹਮਣੇ ਆਉਂਦਾ ਹੈ। ਜੋਂ ਦਾਣੇ ਵਿਚ ਕਾਲਾ ਹੋਇਆ ਪੋਲਨ ਤਿੰਨ ਤੋਂ ਚਾਰ ਦਵਾਈ ਸਪਰੇਅ ਹੋਂਣ ਤੋਂ ਬਾਅਦ ਦੇਖਿਆ ਗਿਆ ਹੈ। ਜਿਹੜਾ ਕਿ ਅੱਗੇ ਚੱਲ ਕੇ ਦਾਣੇ ਵਿਚ ਫੋਕ ਵਧਾਉਦਾ ਹੈ। ਜਿਸ ਨਾਲ ਫ਼ਸਲ ਦਾ ਝਾੜ ਅਣਜਾਣੇ ਵਿੱਚ ਹੇਠਾਂ ਆਵੇਗਾ। ਕਿਸਾਨ ਵੀਰੋ ਏਂ ਵੀ ਸਮਝਣ ਦੀ ਲੋੜ ਹੈ ਕਿ ਕਿਹੜੀ ਦਵਾਈ ਦੀ, ਕਿਹੜੀ ਕਿਹੜੀ ਬਰਾਦਰੀ ਵਾਲੀ ਦਵਾਈ ਲਈ ਅਲੱਗ ਅਲੱਗ ਕਿੰਨੇ ਪਾਣੀ ਦੀ ਸਿਫਾਰਸ਼ ਮੁਤਾਬਕ ਲੋੜ ਹੈ। ਮੰਨ ਲਵੋ ਜਦੋਂ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਕਰਦੇ ਹਾਂ ਤਾਂ ਸਾਨੂੰ ਕੇਵਲ ਪ੍ਰਤੀ ਏਕੜ 80-100 ਲੀਟਰ ਪਾਣੀ ਲਗਾ ਕੇ ਸਪਰੇਅ ਨੇਪਰੇ ਚਾੜ੍ਹਨ ਦੀ ਲੋੜ ਹੁੰਦੀ ਹੈ। ਉਥੇ ਜੇਕਰ ਉਲੀ ਨਾਸ਼ਕ ਦੀ ਸਪਰੇਅ ਕਰਦੇ ਹਾਂ ਤਾਂ ਪਾਣੀ ਦਵਾਈ ਨਾਲ 150-200 ਲੀਟਰ ਤੱਕ ਲਗਾਉਂਦੇ ਹਾਂ। ਅਜਿਹੇ ਵਿਚ ਦਵਾਈ ਜੇਕਰ ਫ਼ਸਲ ਨੂੰ ਤੱਤਾਂ ਦੀ ਘਾਟ ਨੂੰ ਪੂਰਾ ਕਰਨ ਲਈ ਤਾਕਤ ਰੂਪੀ ਹੈ ਤਾਂ ਪਾਣੀ ਦੀ 200 ਲੀਟਰ ਸਿਫਾਰਸ਼ ਕੀਤੀ ਹੈ। ਅੱਜ ਕੱਲ੍ਹ ਏਂ ਵੀ ਵੱਡੇ ਪੱਧਰ ਤੇ ਦੇਖ਼ਣ ਯੋਗ ਹੈ ਕਿ ਕੋਈ ਵੀ ਕੀਟਨਾਸ਼ਕ ਜਾਂ ਤਾਕਤ ਵਾਲੀ ਹੋਵੇ, ਕਿਸਾਨ ਨਾ ਚਾਹੁੰਦਿਆਂ ਹੋਇਆਂ ਵੀ ਖ਼ਰੀਦਣ ਲਈ ਮਜਬੂਰ ਹੁੰਦਾ ਹੈਂ। ਕਿਉਂਕਿ ਉਸ ਵਿੱਚ ਦੋ ਤੋਂ ਲੈ ਕੇ ਚਾਰ ਸਾਲਟ ਤੱਕ ਹੁੰਦੇ ਨੇ ਤੇ ਕਿਸਾਨ ਕੀਤੇ ਨਾ ਕੀਤੇ ਇਕ ਸਾਲਟ ਹੇਠ ਤਾਂ ਮੰਨਣ ਲਈ ਆ ਹੀ ਜਾਂਦਾ ਹੈ। ਦੁਕਾਨਦਾਰ ਸਾਲਟ ਵੱਧਣ ਨਾਲ ਉਸ ਦਵਾਈ ਦਾ ਰੇਟ ਵੱਧਣ ਬਾਰੇ ਜ਼ਿਕਰ ਨਹੀਂ ਕਰਦਾ। ਕਿਉਂਕਿ ਕਿਸਾਨ ਉਸ ਦਵਾਈ ਨੂੰ ਛੱਡ ਵੀ ਸਕਦਾ ਹੈ। ਏਸ ਲੁੱਕੀ ਹੋਈ ਗੱਲ ਨੂੰ ਛੱਡ ਅਖ਼ੀਰ ਉਹ ਖ਼ਰੀਦ ਲੈਂਦਾ ਹੈ। ਏਥੇ ਅਸੀਂ ਖੇਤੀਬਾੜੀ ਖੇਤਰ ਵਿੱਚ ਰੋਜ਼ਾਨਾ ਦੇ ਚੱਲ ਰਹੇ ਰੁਝਾਨਾਂ ਦੀ ਗੱਲ ਕਰੀਏ ਤਾਂ ਹੋ ਕੀ ਰਿਹਾ ਹੈ, ਦਵਾਈ ਦੇ ਉਲਾਮੇ ਆਉਂਣੇ ਮਤਲਬ ਕਈ ਵਾਰ ਨਤੀਜੇ ਨਾ ਆਉਂਣੇ ਤੇ ਕਦੇ ਫ਼ਸਲਾਂ ਦੇ ਨੁਕਸਾਨ ਹੋਣੇਂ ਸਾੜ ਨਾਲ ਆਮ ਜਿਹੀ ਗੱਲ ਅਸੀਂ ਬਣਾ ਲਈ ਹੈ। ਫ਼ਸਲ ਤੇ ਮੁੜ ਘੱਟ ਅਸਰ ਦਵਾਈ ਦਾ ਦੇਖ ਕੇ ਹੋਰ ਸਪਰੇਅ ਕਰਨ ਨੂੰ ਪਹਿਲਾਂ ਹੀ ਤਿਆਰ ਹੋ ਜਾਂਦੇ ਹਾਂ। ਦੂਸਰਾ ਜਿਸ ਦਵਾਈ ਦੇ ਅਸਰ ਨਾਲ ਫ਼ਸਲ ਤੇ ਨੁਕਸਾਨ ਦਿੱਸੇ ਤਾਂ ਉਸ ਨੂੰ ਜਲਦਬਾਜ਼ੀ ਚ ਠੀਕ ਕਰਨ ਲਈ ਵੀ ਤੇ ਉਸ ਤੇ ਹੋਏ ਘਾਤਕ ਮਿਕਸ ਦਵਾਈ ਦੇ ਸਪਰੇਅ ਦੇ ਅਸਰ ਨੂੰ ਘਟਾਉਣ ਲਈ ਉਸ ਉਪਰ ਫਿਰ ਕੋਈ ਹੋਰ ਸਪਰੇਅ ਕਰਨ ਦੀ ਭੱਜਦੋੜ ਆਮ ਸੁਣੀਂ ਜਾਂਦੀ ਹੈ । ਜਿਸ ਨਾਲ ਅਸੀਂ ਆਪ ਬੇਸਮਝੀ ਕਰਕੇ ਵਧੇਰੇ ਖੇਤੀ ਸਮੱਗਰੀ ਦੀ ਵਰਤੋਂ ਫ਼ਸਲ ਨੂੰ ਤੇ ਦੁਕਾਨਾਂ ਦੀ ਸੇਲ ਦੇ ਖ਼ਰਚ ਨੂੰ ਆਪ ਜਾਣਬੁੱਝ ਕੇ ਵਧਾ ਲੈਂਦੇ ਹਾਂ। ਜੇਕਰ ਏਥੇ ਤੁਸੀਂ ਇੱਕ ਕੀਟਨਾਸ਼ਕ ਦਵਾਈਆਂ ਨੂੰ ਤੇ ਉਲੀਨਾਸ਼ਕ ਸਪਰੇਅ ਨੂੰ ਅਤੇ ਤਾਕਤ ਵਾਲੀ ਦਵਾਈ ਨਾਲ ਮਿਕਸ ਕਰਕੇ ਖੇਤ ਚ ਫ਼ਸਲ ਨੂੰ ਸਪਰੇਅ ਕਰਦੇ ਹੋ ਤਾਂ ਪਹਿਲਾ ਨੁਕਸਾਨ ਏਂ ਹੁੰਦਾ ਹੈ ਕਿ ਜਿਹੜੀ ਦਵਾਈ ਤੇਜ਼ ਹੁੰਦੀ ਹੈ ਉਹ ਆਪਣਾਂ ਅਸਰ ਕਰ ਜਾਂਦੀ ਤੇ ਹਲਕੀ ਦਾ ਅਸਰ ਮਿਕਸ ਹੋਂਣ ਕਰਕੇ ਰਹਿ ਜਾਂਦਾ ਹੈ। ਦੂਜਾ ਏਂ ਕਿ ਜਿਸ ਦਵਾਈ ਨੂੰ ਘੱਟ ਪਾਣੀ ਲਗਾਉਂਣ ਦੀ ਲੋੜ ਸੀ, ਉਸ ਨੂੰ ਅਸੀਂ ਘੱਟ ਦੀ ਬਜਾਏ ਵੱਧ ਲੱਗਾ ਲਿਆ ਅਸਰ ਘਟਾਉਣ ਲਈ। ਤੀਜਾ ਨੁਕਸਾਨ ਜਿਸ ਦਵਾਈ ਨੂੰ ਵਧੇਰੇ ਪਾਣੀ ਦੀ ਲੋੜ ਸੀ ਉਸ ਨੂੰ ਜੇਕਰ ਦਰਮਿਆਨਾ ਲੱਗ ਗਿਆ ਤਾਂ ਫ਼ਸਲ ਪੱਤਿਆਂ ਤੇ ਦਵਾਈ ਨਾਲ ਚੱਟਾਕ ਦੇ ਨਿਸ਼ਾਨ ਪੈ ਜਾਂਦੇ ਹਨ। ਜਿਸ ਦਾ ਖਦਸ਼ਾ ਫ਼ਸਲ ਦੀ ਸਿਹਤ ਤੋਂ ਝਾੜ ਘੱਟ ਕਰਨ ਵੱਲ ਜਾਂਦਾ ਹੈ। ਸਿੱਟੇ ਵਜੋਂ ਕਿਸਾਨ ਫਸਲ ਨੂੰ ਦੇਖ ਕੇ ਘਬਰਾ ਜਾਂਦਾ ਹੈ ਤੇ ਹੋਰ ਫਜ਼ੂਲ ਖਰਚੇ ਤੇ ਸਪਰੇਆਂ ਦੀ ਸ਼ੁਰੂਆਤ ਕਰ ਬੈਠਦਾ ਹੈ। ਹਾਲਾਂਕਿ ਕੋਈ ਵੀ ਖੇਤੀ ਸੰਸਥਾਵਾਂ ਨਦੀਨਾਂ, ਕੀਟਾਂ, ਉਲੀਆਂ, ਤਾਕਤਾਂ ਦੇ ਘੋਲ ਇਕੱਠੇ ਸਪਰੇਅ ਕਰਨ ਦੀ ਸਿਫਾਰਸ਼ ਨਹੀਂ ਕਰਦੇ। ਉਹ ਵੀ ਇਕੱਲੀ ਇਕੱਲੀ ਸਪਰੇਅ ਨੂੰ ਕਰ ਚੰਗੇ ਨਤੀਜੇ ਸਾਹਮਣੇ ਆਉਣ ਬਾਰੇ ਕਹਿਣਗੇ। ਜੇਕਰ ਕਿਸਾਨ ਵੀਰੋ ਫੇਰ ਵੀ ਜੇਕਰ ਕੀਤੇ ਜ਼ਰੂਰੀ ਕੰਮ ਲਈ ਤੁਹਾਨੂੰ ਬਾਹਰ ਅੰਦਰ ਜਾਣ ਲਈ ਕਰਕੇ ਸਮਾਂ ਨਹੀਂ ਮਿਲਦਾ ਤਾਂ ਪਹਿਲੀ ਤੋਂ ਬਾਅਦ ਦੂਜੀ ਸਪਰੇਅ ਕਰਨ ਵਿਚ 5-7 ਦਿਨਾਂ ਦਾ ਵਕਫਾ ਜ਼ਰੂਰ ਰੱਖੋ। ਕਿਉਂਕਿ ਕੀਟਨਾਸ਼ਕਾਂ ਦਾ ਨਤੀਜਾ ਏਨੇਂ ਦਿਨਾਂ ਚ ਦਿਸ ਜਾਂਦਾ ਹੈ ਤੇ ਨਦੀਨਾਂ ਦਾ ਕੁੱਝ ਹੋਰ ਸਮਾਂ ਲੱਗਦਾ ਹੈ। ਬਹੁਤ ਵਾਰ ਤਾਂ ਦੇਖ਼ਣ ਵਿਚ ਆਉਂਦਾ ਹੈ ਕਿ ਜਦੋਂ ਨਦੀਨਾਂ ਦਾ ਲੱਕ ਟੁੱਟਦਾ ਹੈ ਤਾਂ ਕਿਸਾਨ ਵੀਰ ਖੇਤ ਨੂੰ ਪਾਣੀ ਤੱਕ ਲਗਾ ਕੇ ਫਿਰ ਹਰਾ ਕਰ ਬੈਠਦਾ ਹੈ। ਨੋਜ਼ਲਾਂ ਦੀ ਚੋਣ ਬਾਰੇ ਗੱਲ ਕਰੀਏ ਤਾਂ ਉਲੀ ਨਾਸ਼ਕ ਸਪਰੇਅ ਕਰਨ ਲਈ ਫਲੈਟ ਫ਼ੈਨ, ਕੀਟਨਾਸ਼ਕਾਂ ਲਈ ਕੋਨ ਨੋਜ਼ਲਾਂ ਦੀ ਵਰਤੋਂ, ਨਦੀਨਾਂ ਦੀ ਸਪਰੇਆਂ ਲਈ ਕੱਟ ਵਾਲੀ ਨੋਜ਼ਲਾਂ ਦੀ ਵਰਤੋਂ ਧਿਆਨ ਹੇਠ ਲਿਆਉਣ ਦੀ ਲੋੜ ਹੈ। ਫ਼ਸਲ ਤੋਂ ਉਂਚਾਈ ਵੀ ਫੁੱਟ ਜਾਂ ਡੇਢ. ਫੁੱਟ ਤੋਂ ਉਪਰ ਨਾ ਰੱਖੀਂ ਜਾਵੇ ਬਹੁਤ ਵਾਰ ਤੇਜ਼ੀ ਨਾਲ ਰਫ਼ਤਾਰ ਮਾਰਦਿਆਂ ਉੱਚਾ ਚੁੱਕ ਕੇ ਵੀ ਆਮ ਦੇਖਿਆ ਜਾਂਦਾ ਹੈ। ਏਂ ਵੀ ਯਾਦ ਰੱਖਣ ਦੀ ਲੋੜ ਹੈ ਕਿ ਫ਼ਸਲ ਨੂੰ ਸਪਰੇਅ ਨਾਲ ਚੰਗੀ ਤਰ੍ਹਾਂ ਧੋਣ ਤੇ ਹੀ ਵਧੇਰੇ ਛਿੜਕਾਅ ਦੇ ਚੰਗੇ ਨਤੀਜੇ ਸਾਹਮਣੇ ਆਉਣਗੇ ਬਾਕੀ ਦਵਾਈ ਦੀ ਬਰਾਦਰੀ ਮੁਤਾਬਕ। ਕਿਸਾਨ ਵੀਰੋ ਅਜਿਹੀਆ ਮੋਟੀਆਂ ਮੋਟੀਆਂ ਸਾਵਧਾਨੀਆਂ ਆਪ ਨਾਲ ਤਾਂ ਹੀ ਸਾਂਝੀ ਕੀਤੀ ਹੈ ਕਿ ਕੁੱਝ ਹੱਦ ਤੱਕ ਖੇਤੀ ਸਮੱਗਰੀ ਨੂੰ ਅਧਿਐਨ ਕਰਨ ਨਾਲ ਖੇਤੀ ਖਰਚਿਆਂ ਦਾ ਸਹੀ ਉਪਯੋਗ ਕਰਕੇ ਵਧੇਰੇ ਨਤੀਜੇ ਲੈਣ ਦੇ ਨਾਲ ਤੇ ਫ਼ਜ਼ੂਲ ਨਜਾਇਜ਼ ਹੁੰਦੇ ਕਿਸਾਨ ਦੇ ਖ਼ੇਤੀ ਖ਼ਰਚ ਘਟਾਏ ਜਾ ਸਕਣ।

**ਕਮਲਇੰਦਰਜੀਤ ਬਾਜਵਾ,**
**ਬਲਾਕ ਟੈੱਕਨੋਲੋਜੀ ਮੈਨੇਜਰ**
**ਖੇਤੀਬਾੜੀ ਵਿਭਾਗ ਬਲਾਕ - ਕਾਹਨੂੰਵਾਨ, ਜ਼ਿਲ੍ਹਾ - ਗੁਰਦਾਸਪੁਰ,**
**ਮੋਬ :- 98150 - 82401.**

# ਭਾਰਤ ਆਏ ਦੋ ਤਿਹਾਈ ਅਫਗਾਨ ਸਿੱਖ ਕੈਨੇਡਾ ਵਿੱਚ ਵਸੇ, ਭਾਰਤ ਅੰਦਰ ਸੀਏਏ ਸਿਰਫ 2014 ਤੋਂ ਪਹਿਲਾਂ ਆਏ ਹੋਏ ਲੋਕਾਂ 'ਤੇ ਲਾਗੂ ਹੁੰਦਾ ਹੈ



ਨਵੀਂ ਦਿੱਲੀ 7 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- 2021 ਵਿੱਚ ਤਾਲਿਬਾਨ ਦੇ ਕਬਜ਼ੇ ਤੋਂ ਬਾਅਦ ਆਪਣੇ ਦੇਸ਼ ਨੂੰ ਛੱਡਣ ਤੋਂ ਬਾਅਦ ਭਾਰਤ ਆਏ ਦੋ ਤਿਹਾਈ ਅਫਗਾਨ ਸਿੱਖ ਕੈਨੇਡਾ ਵਿੱਚ ਵਸ ਗਏ ਹਨ ।ਮੰਨਿਆ ਜਾਂਦਾ ਹੈ ਕਿ ਕੈਨੇਡਾ ਵਿੱਚ ਪ੍ਰਾਈਵੇਟ ਸਪਾਂਸਰ ਅਤੇ ਸਿੱਖ ਫਾਊਂਡੇਸ਼ਨ ਉਨ੍ਹਾਂ ਲੋਕਾਂ ਦੀ ਮਦਦ ਕਰ ਰਹੇ ਹਨ ਜੋ ਭਾਰਤ ਰਾਹੀਂ ਯਾਤਰਾ ਕਰਦੇ ਹਨ, ਉਨ੍ਹਾਂ ਨੂੰ ਪਹਿਲੇ ਸਾਲ ਲਈ ਮਹੀਨਾਵਾਰ ਵਜ਼ੀਫ਼ਾ, ਰਿਹਾਇਸ਼, ਕਰਿਆਨੇ, ਮੋਬਾਈਲ ਫੋਨ ਅਤੇ ਬੱਚਿਆਂ ਵਾਲੇ ਬੱਚਿਆਂ ਲਈ ਮੁਫ਼ਤ ਸਿੱਖਿਆ ਪ੍ਰਦਾਨ ਕਰਦੇ ਹਨ। ਲਗਭਗ 350 ਅਫਗਾਨ ਸਿੱਖ ਜੋ ਆਪਣੇ ਯੁੱਧ ਪ੍ਰਭਾਵਿਤ ਦੇਸ਼ ਤੋਂ ਭਾਰਤ ਆ ਗਏ ਸਨ, ਵਿੱਚੋਂ 230 ਕੈਨੇਡਾ ਵਿੱਚ ਸਫਲਤਾਪੂਰਵਕ ਸ਼ਿਫਟ ਹੋਏ ਹਨ । ਅਗਸਤ 2022 ਵਿੱਚ ਦਿੱਲੀ ਆਏ ਇੱਕ ਅਫਗਾਨ ਸਿੱਖ ਵਿਅਕਤੀ ਨੇ ਪਿਛਲੇ ਫਰਵਰੀ ਵਿੱਚ ਇਕ ਮੀਡੀਆ ਨੂੰ ਦੱਸਿਆ ਸੀ ਕਿ ਜੇਕਰ ਉਸ ਨੂੰ ਕੈਨੇਡੀਅਨ ਵੀਜ਼ਾ ਨਾ ਮਿਲਿਆ ਤਾਂ ਉਹ ਆਪਣੇ ਛੇ ਬੱਚਿਆਂ, ਪਤਨੀ ਅਤੇ ਭਰਜਾਈ ਸਮੇਤ ਕਾਬੁਲ ਵਾਪਸ ਚਲਾ ਜਾਵੇਗਾ ਕਿਉਕਿ ਉਨ੍ਹਾਂ ਦੇ ਸਾਰੇ ਅਸਥਾਈ ਭਾਰਤੀ ਈ-ਵੀਜ਼ੇ ਉਸ ਸਮੇਂ ਪਹਿਲਾਂ ਹੀ ਖਤਮ ਹੋ ਚੁੱਕੇ ਸਨ। ਵਰਤਮਾਨ ਵਿੱਚ ਟੋਰਾਂਟੋ ਅੰਦਰ ਇਸ ਗਰਮੀਆਂ ਵਿੱਚ ਤਬਦੀਲ ਹੋਣ ਤੋਂ ਬਾਅਦ, 51 ਸਾਲਾ ਬਜ਼ੁਰਗ ਨੇ ਦੱਸਿਆ ਕਿ "ਮੈਂ ਖੁਸ਼ ਹਾਂ ਕਿ ਅਜਿਹਾ ਨਹੀਂ ਹੋਇਆ। ਮੈਂ ਇੱਕ ਸਮਾਜਿਕ ਸੁਰੱਖਿਆ ਕਾਰਡ, ਇੱਕ ਬੈਂਕ ਖਾਤਾ ਅਤੇ ਇੱਕ ਸਥਾਈ ਨਿਵਾਸ ਸਥਾਪਤ ਕਰ ਰਿਹਾ ਹਾਂ। ਤਿੰਨ ਸਾਲਾਂ ਵਿੱਚ, ਮੈਂ ਕੈਨੇਡੀਅਨ ਨਾਗਰਿਕਤਾ ਲਈ ਅਰਜ਼ੀ ਦੇਵਾਂਗਾ।ਦਿੱਲੀ ਸਥਿਤ ਖਾਲਸਾ ਦੀਵਾਨ ਵੈਲਫੇਅਰ ਸੋਸਾਇਟੀ - ਭਾਰਤ ਰਾਹੀਂ ਕੈਨੇਡਾ ਜਾਣ ਦੀ ਇੱਛਾ ਰੱਖਣ ਵਾਲੇ ਸ਼ਰਨਾਰਥੀਆਂ ਲਈ ਮੁੱਖ ਕੋਆਰਡੀਨੇਟਰ ਦਾ ਅੰਦਾਜ਼ਾ ਹੈ ਕਿ ਭਾਰਤ ਵਿੱਚ 120 ਅਫਗਾਨ ਸਿੱਖ ਕੈਨੇਡਾ ਦੇ ਵੀਜ਼ਿਆਂ ਦੀ ਉਡੀਕ ਕਰ ਰਹੇ ਹਨ। 2021 ਤੋਂ ਬਾਅਦ ਆਏ 230 ਦੇ ਕਰੀਬ ਕੈਨੇਡਾ ਵਿੱਚ ਸੈਟਲ ਹੋ ਗਏ ਹਨ। ਇੱਕ-ਦੋ ਪਰਿਵਾਰ ਅਮਰੀਕਾ ਵਿੱਚ ਹਨ। ਬਹੁਤੇ ਕੈਨੇਡਾ ਵਿੱਚ ਉਸਾਰੀ, ਟਰੱਕ ਚਲਾਉਣ ਜਾਂ ਪੈਟਰੋਲ ਪੰਪਾਂ 'ਤੇ ਕੰਮ ਕਰ ਰਹੇ ਹਨ। ਭਾਰਤ ਵਿੱਚ ਰਹਿਣ ਵਾਲੇ 80 ਦੇ ਕਰੀਬ ਅਫਗਾਨੀ ਸਿੱਖਾਂ ਨੇ ਆਪਣੇ ਦਸਤਾਵੇਜ਼ ਤਿਆਰ ਕਰ ਲਏ ਹਨ, ਪਰ ਉਨ੍ਹਾਂ ਨੂੰ ਵੀਜ਼ਾ ਲੈਣ ਲਈ ਜਨਵਰੀ 2025 ਤੱਕ ਇੰਤਜ਼ਾਰ ਕਰਨਾ ਪਵੇਗਾ। ਜਿਕਰਯੋਗ ਹੈ ਕਿ ਅਫਗਾਨ ਸਿੱਖਾਂ ਲਈ ਭਾਰਤ ਇੱਕ ਵਿਕਲਪ ਨਹੀਂ ਹੈ ਕਿਉਕਿ ਜੋ 2021 ਵਿੱਚ ਆਪਣਾ ਦੇਸ਼ ਛੱਡ ਗਏ ਸਨ। ਭਾਰਤ ਅੰਦਰ ਸੀਏਏ ਸਿਰਫ ਉਹਨਾਂ ਲੋਕਾਂ 'ਤੇ ਲਾਗੂ ਹੁੰਦਾ ਹੈ ਜੋ 31 ਦਸੰਬਰ 2014 ਤੋਂ ਪਹਿਲਾਂ ਭਾਰਤ ਆਏ ਸਨ। ਇਸਲਈ, ਬਹੁਤ ਸਾਰੇ ਲੋਕ ਕੈਨੇਡਾ ਨੂੰ ਇੱਕ ਆਕਰਸ਼ਕ ਵਿਕਲਪ ਦੇ ਰੂਪ ਵਿੱਚ ਦੇਖਦੇ ਹਨ ਕਿਉਂਕਿ ਉੱਥੇ ਵਡੀ ਗਿਣਤੀ ਅੰਦਰ ਸਿੱਖ ਪ੍ਰਵਾਸੀ ਹਨ। ਨਾਲ ਹੀ ਜੇਕਰ ਕੋਈ ਸ਼ਰਨਾਰਥੀ ਹੈ ਤਾਂ ਓਸ ਲਈ ਓਥੋਂ ਦੀ ਨਾਗਰਿਕਤਾ ਹਾਸਿਲ ਕਰਣ ਦਾ ਆਸਾਨ ਰਸਤਾ ਹੈ ।

# ਇੱਕ ਨਜ਼ਰ



## ਬਾਬਾ ਮੱਖਣ ਸ਼ਾਹ ਲੁਬਾਣਾ ਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ 'ਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਮਾਗਮ

ਨਵੀਂ ਦਿੱਲੀ, 7 ਸਤੰਬਰ (ਮਨਪ੍ਰੀਤ ਸਿੰਘ ਖਾਲਿਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਵਿੰਦਰ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਪੰਥਕ ਸ਼ਖ਼ਸੀਅਤਾਂ ਨੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਅਨਿੰਨ ਸਿੱਖ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੇ ਜੀਵਨ ਪ੍ਰੇਰਣਾ ਸਰੋਤ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਸਿੱਖਾਂ ਦਾ ਸਿੱਖ ਇਤਿਹਾਸ ਅੰਦਰ ਅਹਿਮ ਸਥਾਨ ਹੈ, ਜਿਸ 'ਤੇ ਸਿੱਖ ਕੌਮ ਮਾਣ ਮਹਿਸੂਸ ਕਰਦੀ ਹੈ। ਉਨ੍ਹਾ ਕਿਹਾ ਕਿ ਸਾਨੂੰ ਬਾਬਾ ਮੱਖਣ ਸ਼ਾਹ ਤੇ ਭਾਈ ਲੱਖੀ ਸ਼ਾਹ ਦੇ ਜੀਵਨ ਤੋਂ ਪ੍ਰੇਰਣਾ ਲੈਂਦਿਆਂ ਗੁਰਸਿੱਖੀ ਮਾਰਗ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕਿਹਾ ਕਿ ਸਿੱਖ ਸ਼ਖ਼ਸੀਅਤਾਂ ਦੀ ਯਾਦ ਮਨਾਉਣਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਸੰਗਤਾਂ ਨੂੰ ਆਪਣੇ ਵਡੇਰਿਆਂ ਦੇ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਜੀਵਨ ਸੇਧਾਂ ਨਿਰਧਾਰਤ ਕਰਨ ਦੀ ਅਪੀਲ ਕੀਤੀ। ਇਸੇ ਦੌਰਾਨ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਦੇ ਪ੍ਰਧਾਨ ਸ. ਦਲੇਰ ਸਿੰਘ ਨੇ ਸ਼੍ਰੋਮਣੀ ਕਮੇਟੀ ਦਾ ਸਮਾਗਮ ਕਰਨ ਲਈ ਧੰਨਵਾਦ ਕੀਤਾ। ਇਸ ਤੋਂ ਇਲਾਵਾ ਅਮਰੀਕਾ ਤੋਂ ਪੁਜੇ ਸ. ਅਮਰੀਕ ਸਿੰਘ ਮੋਰਥਲੀ, ਸ. ਰਘਬੀਰ ਸਿੰਘ ਬੱਬੀ, ਸ. ਸੁਖਜਿੰਦਰ ਸਿੰਘ ਟੀਟੂ, ਸ. ਸਤਨਾਮ ਸਿੰਘ ਟਾਹਲੀ, ਬਾਬਾ ਜਸਪਾਲ ਸਿੰਘ, ਸ. ਪਰਵਿੰਦਰ ਜੀਤ ਸਿੰਘ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਨੇ ਨਿਭਾਈ। ਸਮਾਗਮ ਦੌਰਾਨ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

## ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਸੱਚਖੰਡ ਗੁਰਦੁਆਰਾ ਬੋਰਡ ਦੁਆਰਾ ਤਿਆਰ ਕੀਤਾ ਲੋਗੋ ਕੀਤਾ ਜਾਰੀ

ਅੰਮ੍ਰਿਤਸਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ) ਗੁਰਦੁਆਰਾ ਬੋਰਡ ਦੇ ਪ੍ਰਸਾਸ਼ਕ ਡਾ. ਵਿਜੇ ਸਤਬੀਰ ਸਿੰਘਜੀ ਸਾਬਕਾ ਆਈ.ਏ.ਐਸ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੇ ਸ਼ੁਭ ਅਵਸਰ ਤੇ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਜੀ ਆਪਣੇ ਪਰਿਵਾਰ ਸਮੇਤ ਨਤਮਸਤਕ ਹੋਏ।



ਸੱਚਖੰਡ ਗੁਰਦੁਆਰਾ ਬੋਰਡ ਵੱਲੋਂ ਤਿਆਰ ਕੀਤਾ ਗਿਆ 'ਲੋਗੋ' 4 ਸਤੰਬਰ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਜਾਰੀ ਕੀਤਾ ਗਿਆ ਲੋਗੋ ਦਾ ਡਿਜ਼ਾਈਨ ਖੂਬਸੂਰਤ ਹੈ। ਇਸ ਵਿੱਚ ਤਖ਼ਤ ਸਾਹਿਬ ਨਾਲ ਸਬੰਧਤ ਖੰਡਾ ਅਤੇ ਗੁਰੂ ਮਾਨਿਓ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਸ਼ਾਮਲ ਕੀਤਾ ਗਿਆ ਹੈ।ਸਥਾਨਕ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਗੁਰਦੁਆਰਾ ਬੋਰਡ ਇਸ ਦਾ ਗਠਨ ਸਾਲ 1956 ਵਿੱਚ ਹੋਇਆ ਸੀ ਪਰ ਉਦੋਂ ਤੋਂ ਲੈ ਕੇ ਅੱਜ ਤੱਕ ਕਿਸੇ ਨੇ ਬੋਰਡ ਦਾ ਆਪਣਾ ਲੋਗੋ ਤਿਆਰ ਕਰਨ ਦੀ ਤਿਆਰੀ ਨਹੀਂ ਦਿਖਾਈ। ਗੁਰਦੁਆਰਾ ਬੋਰਡ ਦੇ ਮੌਜੂਦਾ ਚੇਅਰਮੈਨ ਡਾ: ਵਿਜੇ ਸਤਬੀਰ ਸਿੰਘ ਦੀ ਅਗਵਾਈ ਹੇਠ ਬੋਰਡ ਨੇ ਪਹਿਲੀ ਵਾਰ ਆਪਣਾ ਲੋਗੋ ਤਿਆਰ ਕੀਤਾ। ਇਸ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 4 ਸਤੰਬਰ ਨੂੰ ਜਾਰੀ ਕੀਤਾ ਸੀ। ਇਸ ਮੌਕੇ ਰਾਜਪਾਲ ਸੀ.ਪੀ.ਰਾਧਾਕ੍ਰਿਸ਼ਨਨ, ਗੁਰਦੁਆਰਾ ਬੋਰਡ ਦੇ ਪ੍ਰਸਾਸ਼ਕ ਡਾ. ਵਿਜੇ ਸਤਬੀਰ ਸਿੰਘ ਜੀ ਸਾਬਕਾ ਆਈ.ਏ.ਐਸ ,ਸ੍ਰ: ਜਸਵੰਤ ਸਿੰਘ ਬੌਬੀ, ਸੁਪਰਡੈਂਟ ਰਾਜਦਵਿੰਦਰ ਸਿੰਘ ਕੱਲ੍ਹਾ, ਹਾਜ਼ਰ ਸਨ।

## ਸਿੱਖੀ ਦੇ ਵਿਕਾਸ ਲਈ ਸ਼੍ਰੀ ਗੁਰੂ ਅਮਰਦਾਸ ਜੀ ਦਾ ਵਡਮੁੱਲਾ ਯੋਗਦਾਨ ਰਿਹਾ: ਬਾਬਾ ਸੇਵਾ ਸਿੰਘ ਖ਼ਡੂਰ ਸਾਹਿਬ

### ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੂੰ ਕੀਤਾ ਸਨਮਾਨਿਤ

ਜਲੰਧਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ): ਸ਼੍ਰੀ ਗੁਰੂ ਅਮਰਦਾਸ ਜੀ ਦੀ 450 ਸਾਲਾ ਜੋਤੀ ਜੋਤ ਅਤੇ ਸ਼੍ਰੀ ਗੁਰੂ ਰਾਮਦਾਸ ਜੀ ਦੀ ਗੁਰਤਾਗੱਦੀ ਸ਼ਤਾਬਦੀ ਮੌਕੇ ਚੱਲ ਰਹੇ ਸਮਾਗਮਾਂ ਦੌਰਾਨ ਨਿਸ਼ਾਨ-ਏ-ਸਿੱਖੀ ਸ਼੍ਰੀ ਖ਼ਡੂਰ ਸਾਹਿਬ ਵਿਖੇ ਇਕ ਵਿਸ਼ੇਸ਼ ਮਿਲਣੀ ਦੌਰਾਨ ਕਾਰ ਸੇਵਾ ਮੁੱਖੀ ਬਾਬਾ ਸੇਵਾ ਸਿੰਘ ਨੇ ਕਿਹਾ ਕਿ ਸਿੱਖੀ ਦੇ ਵਿਕਾਸ ਲਈ ਸ਼੍ਰੀ ਗੁਰੂ ਅਮਰਦਾਸ ਜੀ ਦਾ ਵੱਡਮੁੱਲਾ ਯੋਗਦਾਨ ਹੈ।ਜਿਨ੍ਹਾਂ ਨੇ ਸੇਵਾ ਦੇ ਖ਼ੇਤਰ ਵਿਚ ਬੇਮਿਸਾਲ ਪੂਰਨੇ ਪਾਏ। ਇਸ ਮੌਕੇ 'ਤੇ ਉਨ੍ਹਾਂ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸ. ਭਗਵਾਨ ਸਿੰਘ ਜੌਹਲ ਨੂੰ ਪ੍ਰਚਾਰ-ਪ੍ਰਸਾਰ ਦੇ ਖ਼ੇਤਰ ਵਿੱਚ ਪਾਏ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਇਸ ਮੌਕੇ ਸ਼੍ਰੀ ਗੁਰੂ ਅਮਗਦ ਦੇਵ ਜੀ ਇੰਨਸੀਚਿਊਟ ਆਫ਼ ਰਿਲੀਜੀਅਸ ਸਟੱਡੀਜ਼ ਦੇ ਪ੍ਰਿੰਸੀਪਲ ਸ. ਵਰਿਆਮ ਸਿੰਘ, ਸਕੱਤਰ ਸ. ਅਵਤਾਰ ਸਿੰਘ ਬਾਜਵਾ, ਸ. ਅਮਰਜੀਤ ਸਿੰਘ ਅਰੋੜਾ, ਸ. ਜਗਦੀਸ਼ ਸਿੰਘ ਪਰਮਾਰ ਵੀ ਮੌਜੂਦ ਸਨ।



ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ

# ਗੁਰਦੁਆਰਾ ਪਾਤਸ਼ਾਹੀ ਪੰਜਵੀਂ ਚੋਹਲਾ ਸਾਹਿਬ ਤੋਂ ਗੁਰਦੁਆਰਾ ਬਾਉਲੀ ਸਾਹਿਬ ਤੱਕ ਸਜਾਇਆ ਵਿਸ਼ਾਲ ਨਗਰ ਕੀਰਤਨ

**ਚੋਹਲਾ ਸਾਹਿਬ ਤੋਂ ਆਰੰਭ ਹੋਏ ਨਗਰ ਕੀਰਤਨ ਦਾ ਰਸਤੇ ਵਿਚ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਵਜੋਂ ਮਾਲਾ ਸਾਹਿਬ ਭੇਟ ਕੀਤੇ ਗਏ। ਸੰਗਤਾਂ ਵੱਲੋਂ ਵੱਖ੍ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ...**



ਚੋਹਲਾ ਸਾਹਿਬ , 7 ਸਤੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ ਵੱਖ ਸਥਾਨਾਂ ਤੋਂ ਸਜਾਏ ਜਾ ਰਹੇ ਨਗਰ ਕੀਰਤਨਾਂ ਦੀ ਲੜੀ ਤਹਿਤ ਅੱਜ ਗੁਰਦੁਆਰਾ ਪਾਤਸ਼ਾਹੀ ਪੰਜਵੀਂ ਚੋਹਲਾ ਸਾਹਿਬ ਤੋਂ ਸ੍ਰੀ ਗੋਇੰਦਵਾਲ ਸਾਹਿਬ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਚੋਹਲਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਨਾਲ ਸਬੰਧਤ ਸ਼ਤਾਬਦੀ ਦਿਹਾੜੇ ਕੌਮ ਲਈ ਬੇਹੱਦ ਅਹਿਮ ਹਨ, ਇਸ ਲਈ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਸ਼ਤਾਬਦੀ ਨਾਲ ਸਬੰਧਤ ਸਮਾਗਮਾਂ ਵਿਚ ਆਪਣੀ ਹਾਜ਼ਰੀ ਨੂੰ ਯਕੀਨੀ ਬਣਾਈਏ।ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਪ੍ਰੇਰਣਾ ਲੈਂਦਿਆਂ ਬਾਣੀ ਬਾਣੇ ਨਾਲ ਜੁੜਨ ਅਤੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਦੀ ਅਪੀਲ ਕੀਤੀ। ਆਰੰਭਤਾ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿਰੋਪਾਓ ਭੇਟ ਕੀਤੇ। ਚੋਹਲਾ ਸਾਹਿਬ ਤੋਂ ਆਰੰਭ ਹੋਏ ਨਗਰ ਕੀਰਤਨ ਦਾ ਰਸਤੇ ਵਿਚ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਵਜੋਂ ਮਾਲਾ ਸਾਹਿਬ ਭੇਟ ਕੀਤੇ ਗਏ।ਸੰਗਤਾਂ ਵੱਲੋਂ ਵੱਖ੍ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ ਸਨ।ਇਸ ਮੌਕੇ ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸੁੱਖਾ ਸਿੰਘ ਸਰਹਾਲੀ ਵਾਲੇ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਅੰਤ੍ਰਿੰਗ ਮੈਂਬਰ ਅਮਰਜੀਤ ਸਿੰਘ ਭਲਾਈਪੁਰ, ਖੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਅਲਵਿੰਦਰਪਾਲ ਸਿੰਘ ਪੱਖੋਕੇ, ਗੁਰਬਚਨ ਸਿੰਘ ਕਰਮੂਵਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਸੁਖਵਰਸ਼ ਸਿੰਘ ਪੰਨੂ, ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ, ਓਐਸਡੀ ਸਤਬੀਰ ਸਿੰਘ ਧਾਮ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਭੋਲਾ ਸਿੰਘ, ਬਾਬਾ ਲੱਖਾ ਸਿੰਘ ਕੋਟਾ ਵਾਲਿਆਂ ਵੱਲੋਂ ਬਾਬਾ ਕੁਲਵਿੰਦਰ ਸਿੰਘ, ਬਾਬਾ ਬਲਕਾਰ ਸਿੰਘ, ਬਾਬਾ ਜਗਤਾਰ ਸਿੰਘ, ਬਾਬਾ ਪ੍ਰਗਟ ਸਿੰਘ, ਬਾਬਾ ਨੰਦ ਸਿੰਘ ਮੁੰਡਾ ਪਿੰਡ, ਬਾਬਾ ਦਰਸ਼ਨ ਸਿੰਘ ਸ਼ਾਸਤਰੀ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਵਧੀਕ ਸਕੱਤਰ ਬਿਜੈ ਸਿੰਘ, ਮੈਨੇਜਰ ਧਰਮਿੰਦਰ ਸਿੰਘ, ਕੁਲਦੀਪ ਸਿੰਘ ਔਲਖ, ਜਗਜੀਤ ਸਿੰਘ ਜੱਗੀ, ਕੁਲਦੀਪ ਸਿੰਘ ਲਹੌਰੀਆ, ਪ੍ਰੇਮ ਸਿੰਘ, ਪਰਮਜੀਤ ਸਿੰਘ ਢੋਟੀਆ, ਇੰਚਾਰਜ ਕਰਤਾਰ ਸਿੰਘ, ਹੈਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਸ਼ਰਧਾ ਪੂਰਵਕ ਮਨਾਇਆ



ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਸੰਗਤਸਰ ਸਾਹਿਬ ਵਿਖੇ (ਭਗਤ ਸਿੰਘ ਕਲੋਨੀ) ਵਿਖੇ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਸਮਾਗਮ ਦੌਰਾਨ ਰਾਗੀ ਜੱਥਾ ਭਾਈ ਹਰਦੀਪ ਸਿੰਘ ਫਤਿਹਗੜ੍ਹ ਸਾਹਿਬ ਵਾਲੇ, ਕਥਾਵਾਚਕ ਗਿਆਨੀ ਵਰਿਆਮ ਸਿੰਘ ਮੰਜੀ ਸਾਹਿਬ ਦਰਬਾਰ ਸਾਹਿਬ ਵਾਲੇ ਅਤੇ ਢਾਡੀ ਜੱਥਾ ਭਾਈ ਜਰਨੈਲ ਸਿੰਘ ਹਰਾ ਢਾਡੀ ਵਾਰਾਂ ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ। ਇਸ ਮੌਕੇ ਇਲਾਕਾ ਨਿਵਾਸੀ ਸੰਗਤਾਂ ਨੇ ਵੱਧ ਚੜ ਕੇ ਗੁਰੂ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ ਅਤੇ ਗੁਰਬਾਣੀ ਸਰਵਣ ਕੀਤੀ। ਆਏ ਹੋਏ ਜਥਿਆਂ ਨੂੰ ਸਭਾ ਵੱਲੋਂ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰਪਾਉ ਸਾਹਿਬ ਦਿੱਤੇ ਗਏ ਅਤੇ ਜੱਥਿਆਂ ਨੇ ਗੁਰੂ ਸਾਹਿਬ ਜੀ ਦਾ ਧੰਨਵਾਦ ਕੀਤਾ। ਅਖੀਰ ਵਿੱਚ ਸਭਾ ਦੇ ਪ੍ਰਧਾਨ ਭਾਈ ਹਰਮੀਤ ਸਿੰਘ ਨੇ ਸਤਿਗੁਰੂ ਜੀ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਸਭਾ ਦੇ ਪ੍ਰਧਾਨ ਭਾਈ ਹਰਮੀਤ ਸਿੰਘ ਤੋਂ ਇਲਾਵਾ ਚੇਅਰਮੈਨ ਭਾਈ ਸਤਨਾਮ ਸਿੰਘ ਸਾਜਨ, ਵਾਈਸ ਚੇਅਰਮੈਨ ਹਰਭਜਨ ਸਿੰਘ ਰੱਖੜੀ, ਮੀਤ ਪ੍ਰਧਾਨ ਕੁਲਵੰਤ ਸਿੰਘ, ਖਜਾਨਚੀ ਗੁਰਵਿੰਦਰ ਸਿੰਘ, ਮੀਤ ਖਜਾਨਚੀ ਗੁਰਨਾਮ ਸਿੰਘ, ਸਕੱਤਰ ਅਵਤਾਰ ਸਿੰਘ ਫੌਜੀ, ਮੀਤ ਸਕੱਤਰ ਭਾਈ ਕਰਨੈਲ ਸਿੰਘ, ਭਾਈ ਬਸੰਤ ਸਿੰਘ, ਭਾਈ ਅੰਮ੍ਰਿਤਪ੍ਰੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਮਨਜੀਤ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਅਵਤਾਰ ਸਿੰਘ, ਭਾਈ ਅਸ਼ਪਾਲ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਸਮਰੱਥ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਸੁਖਚੈਨ ਸਿੰਘ ਤੋਂ ਇਲਾਵਾ ਸਭਾ ਦੇ ਬਹੁਤ ਸਾਰੇ ਮੈਂਬਰ ਸਾਹਿਬਾਨ ਮੌਜੂਦ ਸਨ।

## ਸਿੱਖ ਜਥੇਬੰਦੀਆਂ ਨੇ ਗੁਰਦੁਆਰਾ ਸਾਹਿਬ ਦੀ ਥਾਂ ਤੇ ਕੀਤੇ ਕਬਜੇ ਨੂੰ ਕਰਵਾਇਆ ਆਜ਼ਾਦ



ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :— ਸਥਾਨਕ ਸ਼ਹਿਰ ਦੇ ਫ਼ਿਰੋਜ਼ਪੁਰ ਛਾਉਣੀ ਵਿਖੇ ਬਣੇ ਗੁਰਦੁਆਰਾ ਸਾਹਿਬ ਜੋ ਕਿ ਗੁਰੂ ਤੇਗ ਬਹਾਦਰ ਦੇ ਲੰਬੇ ਸਮੇਂ ਤੋਂ ਚਲਦੇ ਮਸਲ ਨੂੰ ਸਿੱਖ ਜਥੇਬੰਦੀਆਂ ਨੇ ਕੀਤਾ ਹੱਲ। ਇਸ ਸਬੰਧੀ ਕੀਤੀ ਗਈ ਕਾਰਵਾਈ ਦੀ ਜਾਣਕਾਰੀ ਸਾਂਝੀ ਕਰਦਿਆਂ ਭਾਈ ਜ਼ਸਪਾਲ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਂ ਨਾਲ ਜਾਣਿਆ ਜਾਂਦਾ ਹੈ ਅਤੇ ਇਸ ਗੁ. ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹੈ, ਪਿਛਲੇ ਲੰਬੇ ਸਮੇਂ ਤੋਂ ਇਹ ਅਸਥਾਨ ਵਿਵਾਦਾਂ ਵਿਚ ਘਿਰਿਆ ਹੋਇਆ ਸੀ ਅਤੇ ਇਸ ਦੀ ਜਗ੍ਹਾ ਤੇ ਇਕ ਔਰਤ ਕੁਲਦੀਪ ਮਸੀਹ ਵੱਲੋਂ ਕਬਜ਼ਾ ਕਰ ਲਿਆ ਗਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਕੁਝ ਸੰਗਤਾਂ ਨੇ ਮਿਲ ਕੇ ਅਦਾਲਤ ਰਾਹੀਂ ਅਤੇ ਪੁਲਿਸ ਪ੍ਰਸ਼ਾਸਨ ਰਾਹੀਂ ਇਨਸਾਫ ਲੈਣ ਦੀ ਕੋਸ਼ਿਸ਼ ਕੀਤੀ, ਪਰ ਕਦੇ ਉਸ ਔਰਤ ਅਤੇ ਸੰਗਤਾਂ ਦੇ ਹੱਕ ਵਿਚ ਸਟੇਅ ਹੋ ਜਾਂਦਾ, ਪਰ ਕਾਫੀ ਸਮਾਂ ਬੀਤ ਜਾਣ ਤੇ ਜਦ ਇਹ ਸਾਰਾ ਮਾਮਲਾ ਸਿੱਖ ਜਥੇਬੰਦੀਆਂ ਦੇ ਨੋਟਿਸ ਵਿਚ ਆਇਆ ਤਾਂ ਅੱਜ ਸਥਾਨਕ ਸ਼ਹਿਰ ਅਤੇ ਛਾਉਣੀ ਦੀਆਂ ਸਮੁੱਚੀਆਂ ਸਿੱਖ ਜਥੇਬੰਦੀਆਂ ਜਿਨ੍ਹਾਂ ਵਿਚ ਇੰਟਰਨੈਸ਼ਨਲ ਪੰਥਕ ਦਲ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਏਕ ਨੂਰ ਖਾਲਸਾ ਫੌਜ਼, ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਅਤੇ ਕਈ ਹੋਰ ਸਿੰਘ ਸਭਾਵਾਂ ਦੇ ਆਗੂ ਹਾਜ਼ਰ ਸਨ, ਨੇ ਪੁਲਿਸ ਪ੍ਰਸ਼ਾਸਨ ਨੂੰ ਇਕ ਮੰਗ ਪੱਤਰ ਦੇ ਕੇ ਸਾਰੀ ਸਥਿਤੀ ਤੋਂ ਜਾਣੂ ਕਰਵਾਇਆ ਅਤੇ ਪਿਛਲੇ ਲੰਮੇ ਸਮੇਂ ਤੋਂ ਇਕ ਔਰਤ ਵੱਲੋਂ ਸੰਗਤਾਂ ਨੂੰ ਨਾ ਗੁਰਦੁਆਰਾ ਸਾਹਿਬ ਆਉਣ ਲਈ ਰਸਤਾ ਖੋਲਿਆ ਜਾਂਦਾ ਅਤੇ ਨਾ ਹੀ ਕੋਈ ਸੇਵਾ ਕਰਨ ਦਿੱਤੀ ਜਾਵੇ। ਜਦ ਪੁਲਿਸ ਪ੍ਰਸ਼ਾਸਨ ਨੇ ਇਸ ਮਸਲੇ ਨੂੰ ਲਟਕਾਉਣ ਦੀ ਕੋਸ਼ਿਸ਼ ਕੀਤੀ ਤਾਂ ਰੋਹ ਵਿਚ ਆਏ ਸਿੱਖ ਜਥੇਬੰਦੀਆਂ ਨੇ ਖਾਲਸਾ ਗੁਰਦੁਆਰਾ ਛਾਉਣੀ ਵਿਖੇ ਅਰਦਾਸ ਕਰਨ ਉਪਰੰਤ ਗੁਰਦੁਆਰਾ ਗੁਰੂ ਤੇਗ ਬਹਾਦਰ ਜੀ ਵੱਲ ਕੂਚ ਕਰ ਦਿੱਤਾ ਅਤੇ ਸਤਿਨਾਮ ਵਾਹਿਗੁਰੂ ਦਾ ਜਾਪ ਕਰ ਰਹੀਆਂ ਸੰਗਤਾਂ ਜਦ ਗੁ. ਸਾਹਿਬ ਪਹੁੰਚੀਆਂ ਤਾਂ ਉਸ ਔਰਤ ਨੇ ਗੁ. ਸਾਹਿਬ ਦੇ ਰਸਤੇ ਲਈ ਲੱਗਾ ਗੇਟ ਜਦ ਨਾ ਖੋਹਲਿਆ ਤਾਂ ਜਥੇਬੰਦੀਆਂ ਦੇ ਆਗੂ ਕਿਸੇ ਢੰਗ ਨਾਲ ਦਰਵਾਜਾ ਖੋਲ ਕੇ ਅੰਦਰ ਵੜ੍ਹ ਗਏ ਅਤੇ ਪੂਰੀ ਮਰਿਆਦਾ ਨਾਲ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਲਿਜਾ ਕੇ ਪ੍ਰਕਾਸ਼ ਦੁਬਾਰਾ ਕੀਤਾ ਅਤੇ ਮਰਿਆਦਾ ਬਹਾਲ ਕਰ ਦਿੱਤੀ। ਇਸ ਸਮੇਂ ਪੁਲਿਸ ਥਾਣਾ ਕੈਂਟ ਦੇ ਐਸ.ਐਚ.ਓ ਵੀ ਆਪਣੀ ਪੁਲਿਸ ਪਾਰਟੀ ਨਾਲ ਉਥੇ ਪਹੁੰਚ ਗਏ ਅਤੇ ਸਾਰਾ ਕੰਮ ਅਮਨ ਸ਼ਾਂਤੀ ਨਾਲ ਸੰਪੂਰਨ ਹੋ ਗਿਆ। ਇਸ ਸਮੇਂ ਬਾਬਾ ਸਤਨਾਮ ਸਿੰਘ ਵੱਲੀਆ, ਭਾਈ ਜ਼ਸਪਾਲ ਸਿੰਘ, ਹਿੰਮਤ ਸਿੰਘ ਸ਼ਕੂਰ, ਲਖਬੀਰ ਸਿੰਘ ਮਹਾਲਮ, ਅਮਰੀਕ ਸਿੰਘ, ਜ਼ੋਰਾ ਸਿੰਘ ਐਮ.ਸੀ, ਸਤਿੰਦਰ ਸਿੰਘ ਪ੍ਰਧਾਨ, ਗੁਰਨਾਮ ਸਿੰਘ ਮਹਾਲਮ, ਹਰਜਿੰਦਰ ਸਿੰਘ ਬੱਗਾ, ਕੁਲਦੀਪ ਸਿੰਘ ਨੰਢਾ, ਸਾਹਿਬ ਸਿੰਘ, ਲਖਬੀਰ ਸਿੰਘ ਨੰਬਰਦਾਰ, ਗੁਰਮਿੰਦਰ ਸਿੰਘ, ਕਿਰਨਦੀਪ ਸਿੰਘ ਮੱਲਾ, ਜਗਤਾਰ ਸਿੰਘ, ਬਲਕਾਰ ਸਿੰਘ ਸਮੇਤ ਕਈ ਹੋਰ ਵੀ ਆਗੂ ਹਾਜ਼ਰ ਸਨ।

# ਯਾਦਗਾਰੀ ਹੋ ਨਿਬੜਿਆ ਗਿਆਨੀ ਦਿੱਤ ਸਿੰਘ ਜੀ ਦਾ 123ਵਾਂ ਬਰਸੀ ਸਮਾਗਮ

















ਸਿੱਖ ਪੰਥ ਦੇ ਰੂਹੇ ਰਵਾਂ,ਸਿੰਘ ਸਭਾ ਲਹਿਰ ਤੇ ਮੋਢੀ,ਪੰਥ ਰਤਨ ਗਿਆਨੀ ਦਿੱਤ ਸਿੰਘ ਜੀ,ਪ੍ਰੋਫੈਸਰ ਗੁਰਮੁਖ ਸਿੰਘ ਜੀ ਦੀ ਯਾਦ ਵਿੱਚ ਉਨਾਂ ਦੇ ਪਿੰਡ ਨੰਦਪੁਰ ਕਲੌੜ ਫਤਿਹਗੜ ਸਾਹਿਬ ਵਿਖੇ 123ਵਾਂ ਬਰਸੀ ਸਮਾਗਮ ਮਨਾਇਆ ਗਿਆ ਭਾਈ ਦਿੱਤ ਸਿੰਘ ਵੈਲਫੇਅਰ ਸੁਸਾਇਟੀ ਅਤੇ ਸਮੂੰਹ ਨਗਰ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਵੱਡਾ ਉਪਰਾਲਾ ਕੀਤਾ ਗਿਆ ਜਿਸ ਦੇ ਤਹਿਤ ਆਸੇ ਪਾਸੇ ਨਗਰਾਂ ਵਿੱਚ ਗਿਆਨੀ ਦਿੱਤ ਸਿੰਘ ਜੀ ਦੀ ਯਾਦ ਵਿੱਚ 16 ਸਮਾਗਮ ਕੀਤੇ ਗਏ ਸਮਾਪਤੀ ਸਮਾਗਮ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਲੀਗਲ ਵਿੰਗ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਭੂਰਾ ਕੋਹਨਾ ਕਥਾਵਾਚਕ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕਥਾ ਵਿਆਖਿਆ ਕੀਤੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਜਥਿਆਂ ਢਾਡੀ ਜਸਵੰਤ ਸਿੰਘ ਬਡਾਣਾ,ਪ੍ਰਚਾਰਕ ਭਾਈ ਗੁਰਜੋਤ ਸਿੰਘ ਨਲਵੀ,ਢਾਡੀ ਜੱਥਾ ਲਖਵਿੰਦਰ ਸਿੰਘ ਪਾਰਸ,ਗਿਆਨੀ ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ,ਸਰਦਾਰ ਸਿਕੰਦਰ ਸਿੰਘ ਵਰਾਣਾ ਇੰਚਾਰਜ ਸਭ ਦਫਤਰ ਧਰਮ ਪ੍ਰਚਾਰ ਨਾਢਾ ਸਾਹਿਬ,ਇੰਚਾਰਜ ਗੁਰਭੇਜ ਸਿੰਘ ਮੁੱਖ ਦਫਤਰ ਧਰਮ ਪ੍ਰਚਾਰ ਕੁਰੂਕਸ਼ੇਤਰ ਨੇ ਹਾਜਰੀ ਭਰੀ ਸਾਰੇ ਪ੍ਰੋਗਰਾਮ ਦੀ ਧਰਮ ਪ੍ਰਚਾਰ ਦੇ ਸਕੱਤਰ ਭਾਈ ਸਰਬਜੀਤ ਸਿੰਘ ਜੰਮੂ ਨੇ ਸੁਚੱਜੀ ਦੇਖਰੇਖ ਕੀਤੀ ਸਟੇਜ ਸਕੱਤਰ ਦੀ ਸੇਵਾ ਸਿਖ ਚਿੰਤਕ ਗਿਆਨੀ ਭੁਪਿੰਦਰ ਸਿੰਘ ਮਹਿਮਦਪੁਰ ਵਲੋਂ ਨਿਭਾਈ ਗਈ ਗਿਆਨੀ ਦਿੱਤ ਸਿੰਘ ਜੀ ਦੀ ਬਣ ਰਹੀ ਯਾਦਗਾਰ ਵਿੱਚ ਹਰਿਆਣਾ ਕਮੇਟੀ ਵੱਲੋਂ 2 ਲੱਖ ਰੁਪਏ ਦਾ ਯੋਗਦਾਨ ਵੀ ਪਾਇਆ ਗਿਆ ਮਾਸਟਰ ਰਣਜੀਤ ਸਿੰਘ ਭਾਈ ਦਿੱਤ ਸਿੰਘ ਵੈਲਫੇਅਰ ਸੁਸਾਇਟੀ ਅਤੇ ਨਗਰ ਨਿਵਾਸੀਆਂ ਵੱਲੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਹਜ਼ਾਰਾਂ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਖਾਨਦਾਨ ਅਤੇ ਦਸਤਾਰ ਸਿਖਲਾਈ ਕੈਂਪ ਵੀ ਲਗਾਇਆ ਗਿਆ ਪ੍ਰੋਫੈਸਰ ਗੁਰਮੁਖ ਸਿੰਘ ਜੀ ਅਤੇ ਗਿਆਨੀ ਦਿੱਤ ਸਿੰਘ ਜੀ ਦੀ ਯਾਦ ਵਿੱਚ ਇਹ ਸਲਾਨਾ ਸਮਾਗਮ ਯਾਦਗਾਰੀ ਹੋ ਨਿਬੜਿਆ

## ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਗੋਲਡ ਮੈਡਲ ਨਾਲ ਸਨਮਾਨ




















ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ ਅਮਰ ਸ਼ਹੀਦ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਪੋਤਰਿਆਂ ਅਤੇ ਭਾਈ ਇੰਦਰਜੀਤ ਸਿੰਘ ਦੇ ਸਪੁੱਤਰਾਂ, ਭਾਈ ਭੁਪਿੰਦਰ ਸਿੰਘ, ਭਾਈ ਹਰੀ ਸਿੰਘ ਜੀ , ਭਾਈ ਹਰਛਾਣ ਸਿੰਘ ਅਤੇ ਸ਼ਹੀਦ ਬਾਬਾ ਗੁਰਬਚਨ ਸਿੰਘ ਮਾਨੋਚਾਹਲ ਦੇ ਸਪੁੱਤਰਾਂ ਦੀ ਹਾਜਰੀ ਵਿੱਚ ਕੀਤਾ ਗਿਆ ਗੋਲਡ ਮੈਡਲ ਨਾਲ ਸਨਮਾਨ। ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ਼ ਦੇ ਨਿਊਯਾਰਕ ਆਉਣ ‘ਤੇ ਸਿੱਖ ਸੰਸਥਾਵਾਂ, ਜੱਥੇਬੰਦੀਆਂ, ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀਆਂ, ਸਿੱਖ ਸੰਗਤਾਂ ਅਤੇ ਸ਼ਹੀਦ ਪਰਿਵਾਰਾਂ ਵੱਲੋਂ ਨਿੱਘਾ ਅਤੇ ਬੜਾ ਭਾਰੀ ਸਵਾਗਤ ਕੀਤਾ ਗਿਆ, ਰੋਜ਼ਾਨਾ ਦੇ ਦੀਵਾਨਾਂ ਅੰਦਰ ਸੰਗਤਾਂ ਨੇ ਕਥਾ ਕੀਰਤਨ ਦੇ ਲਾਹੇ ਲਏ, ਘਰ ਘਰ ਸੱਦ ਕੇ ਹਰ ਜੱਸ ਨਾਮ ਅਭਿਆਸ ਦੇ ਨਾਲ਼ ਨਾਲ਼ ਲੰਗਰਾਂ ਦੀਆਂ ਸੇਵਾਵਾਂ ਬੜੇ ਹੀ ਚਾਉ ਸ਼ਰਧਾ ਪੂਰਵਕ ਭਾਵਨਾਵਾਂ ਨਾਲ਼ ਕੀਤੀਆਂ ਗਈਆਂ। ਸੰਤਾਂ ਦੇ ਮੁਖੀ ਬਣਨ ਤੋਂ ਵੀਹ ਸਾਲ ਬਾਅਦ ਸੰਗਤਾਂ ਨੂੰ ਸਤਸੰਗ ਦਾ ਅਮੋਲਕ ਸਮਾਂ ਪ੍ਰਾਪਤ ਹੋਇਆ, ਅਤੇ ਸਭ ਨੇ ਸੰਤਾਂ ਅਤੇ ਜੱਥੇ ਦੇ ਸਿੰਘਾਂ ਦੇ ਸੇਵਾ ਸਨਮਾਨ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜੋ ਕਿ ਆਪਣੇ ਆਪ ਵਿੱਚ ਇੱਕ ਵੱਡੀ ਮਿਸਾਲ ਰਹੀ। ਗੁਰਦੁਆਰਾ ਸਾਹਿਬ ਸਿੱਖ ਕਲਚਰਲ ਸੋਸਾਈਟੀ ਰਿਚਮੰਡ ਹਿੱਲ (ਨਿਊ ਯਾਰਕ), ਗੁ: ਸਾਹਿਬ ਸ਼ਹੀਦਾਂ ਹਿਕਸਵੈਲ, ਗੁ: ਸਾਹਿਬ ਮਾਝਾ ਸਿੰਘ ਕਰਮਜੋਤ ਸਿੱਖ ਸੈਂਟਰ, ਗੁ: ਸਾਹਿਬ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ, ਗੁ: ਸਾਹਿਬ ਗੁਰ ਨਾਨਕ ਦਰਬਾਰ ਹਿਕਸਵੈਲ, ਗੁ: ਸਾਹਿਬ ਸਿੰਘ ਸਭਾ ਕਾਰਟਰੇਟ, ਗੁ: ਨਾਨਕ ਨਾਮ ਜਹਾਜ ਜਰਸੀ ਸਿੱਟੀ ਅਤੇ ਗੁ: ਸਾਹਿਬ ਸੰਤ ਸਾਗਰ ਦੀਆਂ ਸਮੂਹ ਕਮੇਟੀਆਂ ਅਤੇ ਸਿੱਖ ਸਗਤਾਂ ਨੇ ਮਹਾਂਪੁਰਖਾਂ ਨੂੰ ਬੇਨਤੀ ਕਰਕੇ ਗੁਰੂ ਘਰਾਂ ਦੇ ਵਿਚ ਕਥਾ ਕੀਰਤਨ ਦੇ ਸਮਾਗਮ ਕਰਵਾਏ ਗਏ। ਸਰਦਾਰ ਪ੍ਰੀਤਮ ਸਿੰਘ ਗਿਲਝੀਆਂ ਅਤੇ ਸਰਦਾਰ ਬਲਦੇਵ ਸਿੰਘ ਗਿਲਝੀਆਂ ਦੇ ਗ੍ਰਿਹ ਵਿਖੇ ਦਸਤਾਰਬੰਦੀ ਸਮਾਗਮ ਦੇ ਵਿਚ ਜਿੱਥੇ ਬਹੁਤ ਪੰਥਕ ਹਸਤੀਆਂ ਸ਼ਾਮਿਲ ਹੋਈਆਂ ਉਥੇ ਮਹਾਪੁਰਖਾਂ ਨੇ ਵਿਸ਼ੇਸ ਰੂਪ ਦੇ ਵਿਚ ਹਾਜ਼ਰੀ ਭਰੀ। ਬਾਬਾ ਜੀ ਦੀਆਂ ਪਿਛਲੇ ਸਮੇਂ ਦੇ ਵਿਚ ਕੀਤੀਆਂ ਵੱਡੀਆ ਸੇਵਾਵਾਂ ਕਰਕੇ ਸੰਗਤਾਂ ਵਲੋਂ ਗੋਲਡ ਮੈਡਲ ਨਾਲ ਵਿਸ਼ੇਸ ਸਨਮਾਨ ਕੀਤਾ ਗਿਆ। ਅਮਰੀਕਾ ਦੀ ਸਭ ਤੋਂ ਪੁਰਾਣੀ ਪੰਥਕ ਜੱਥੇਬੰਦੀ ਦੇ ਆਗੂਆਂ ਨੇ ਬਾਬਾ ਜੀ ਨਾਲ ਬੈਠ ਕੇ ਅਪਣੇ ਸ਼ੰਕੇ ਦੂਰ ਕੀਤੇ ਅਤੇ ਸਹਿਮਤੀ ਪ੍ਰਗਟ ਕਰਕੇ ਬਾਬਾ ਜੀ ਨੂੰ ਸੱਦ ਕੇ ਸਨਮਾਨਿਤ ਕੀਤਾ। ਮਹਾਪੁਰਖਾਂ ਨੇ ਵੀ ਉਹਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਕੋਈ ਵੀ ਕੌਮੀ ਪੰਥਕ ਜੱਥੇਬੰਦੀ ਕਿਸੇ ਵੀ ਢੰਗ ਨਾਲ ਕੌਮ ਦੀ-ਪੰਥ ਦੀ ਸੇਵਾ ਕਰਦੀ ਹੈ ਉਹ ਕਦੇ ਵੀ ਆ ਕੇ ਸਾਡੇ ਨਾਲ ਬੈਠ ਕੇ ਗੁਰਮਤਿ ਅਨੁਸਾਰ ਵਿਚਾਰ ਵਟਾਂਦਰਾਂ ਕਰ ਸਕਦੇ ਹਨ। ਇਸ ਫੇਰੀ ਦੌਰਾਨ ਗੰਭੀਰ ਸਿੱਖ ਮਸਲਿਆਂ ‘ਤੇ ਚਾਲ਼ੀ ਸਾਲਾਂ ਤੋਂ ਸ਼ੰਘਰਸ਼ੀਲ ਜੱਥੇਬੰਦੀਆਂ

### ਵਲੋਂ: ਨਿਊਯਾਰਕ ਅਤੇ ਨਿਊਜਰਸੀ ਦੀਆਂ ਸਮੂਹ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀਆਂ, ਪੰਥਕ ਜੱਥੇਬੰਦੀਆਂ ਅਤੇ ਸਮੂਹ ਦਮਦਮੀ ਟਕਸਾਲ ਦੇ ਸਿੰਘ

ਨਾਲ਼ ਖੁੱਲ੍ਹ ਕੇ ਵਿਚਾਰਾਂ ਹੋਈਆਂ, ਸ਼ਹੀਦਾਂ ਦੇ ਡੁੱਲ੍ਹੇ ਖ਼ੂਨ ਅਤੇ ਉਨ੍ਹਾਂ ਦੇ ਸਿੱਖ ਕੌਮ ਦੇ ਕੌਮੀ ਘਰ ਦੇ ਪਵਿੱਤਰ ਸੰਕਲਪ, ਪਤਿਤ ਪੁਣੇ ਨੂੰ ਠੱਲ੍ਹ ਪਾਉਣ, ਨਸ਼ਿਆਂ ਵਿੱਚ ਰੁੜ੍ਹ ਰਹੇ ਨੌਜਵਾਨਾਂ ਨੂੰ ਸਿੱਖੀ ਨਾਲ਼ ਜੋੜਨ ਦੇ ਉਪਰਾਲੇ, ਬੰਦੀ ਸਿੰਘਾਂ ਦੀ ਹੋਈ ਖਲਾਸੀ ਦੀਆਂ ਪ੍ਰਾਪਤੀਆਂ ਅਤੇ ਰਹਿੰਦੇ ਕਾਰਜ ‘ਤੇ ਵਿਚਾਰਾਂ ਹੋਈਆਂ। ਬਾਬਾ ਜੀ ਨੇ ਸਿੱਖ ਸੰਗਤਾਂ ਨੂੰ ਸੁਚੇਤ ਕਰਦਿਆਂ ਬੱਚਿਆਂ ਨੂੰ ਉੱਚੀ ਸੁੱਚੀ ਵਿੱਦਿਆ ਦਿਵਾਉਣ, ਮਾਨਸਿਕ ਸਰੀਰਕ ਨਰੋਈ ਸਿਹਤ ‘ਤੇ ਜ਼ੋਰ ਦਿੱਤਾ। ਚੱਲ ਰਹੇ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਹਰ ਗੁਰਦੁਆਰਾ ਸਾਹਿਬ ਅਤੇ ਘਰ ਘਰ ਸ਼ਹੀਦਾਂ ਦੇ ਪਰਿਵਾਰਾਂ ਦੇ ਇੱਕ ਦਰਜਨ ਤੋਂ ਵੱਧ ਜੀਆਂ ਦੇ ਸਨਮਾਨ ਬਹੁਤ ਹੀ ਪ੍ਰੇਮ ਭਾਵਨਾਂ ਨਾਲ਼ ਕੀਤੇ ਗਏ। ਸ਼ਹੀਦ ਪਰਿਵਾਰਾਂ ਨੇ ਇਸ ਨੂੰ ਬਹੁਤ ਹੀ ਭਾਵਪੂਰਵਕ ਲਿਆ। ਸਮੂਹ ਜੱਥੇਬੰਦੀਆਂ ਨੇ ਬਾਬਾ ਜੀ ਵੱਲੋਂ ਕੀਤੇ ਸਿੱਖ ਕੌਮ ਦੇ ਮਹਾਨ ਕਾਰਜਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਵਿੱਚ ਮੁੱਖ ਤੌਰ ‘ਤੇ ਚੁਰਾਸੀ ਦੇ ਸ਼ਹੀਦ ਸਿੰਘਾਂ ਦੀ ਯਾਦਗਾਰ, ਸ਼ਹੀਦੀ ਗੈਲਰੀ, ਪਿੰਡ ਰੋਡੇ ਵਿੱਚ ਸੰਤ ਖਾਲਸਾ ਯਾਦਗਾਰੀ ਗੁਰਦੁਆਰਾ ਸਾਹਿਬ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਦੀ ਉਸਾਰੀ, ਜੋ ਕਿ ਆਉਣ ਵਾਲ਼ੀਆਂ ਪੀੜ੍ਹੀਆਂ ਨੂੰ ਆਪਣੇ ਪੁਰਖਿਆਂ ਦੇ ਕੀਤੇ ਮਹਾਨ ਕਾਰਨਾਮਿਆਂ ਦੀ ਯਾਦ ਅਤੇ ਸੇਧ ਦੇਣ ਦਾ ਸਬੱਬ ਹਮੇਸ਼ਾਂ ਬਨਣਗੇ। ਦਸਵੇਂ ਪਾਤਸ਼ਾਹ ਵੱਲੋਂ ਪੜ੍ਹਾਏ ਗਏ ਗੁਰਬਾਣੀ ਦੇ ਅਰਥ ਜੋ ਕਿ ਟਕਸਾਲ਼ ਦੇ ਸੀਨਾ-ਬਸੀਨਾ ਮਹਾਂਪੁਰਖ ਅੱਗੇ ਤੋਂ ਅੱਗੇ ਪੜ੍ਹਾਉਂਦੇ ਅਤੇ ਪ੍ਰਚਾਰਦੇ ਆ ਰਹੇ ਹਨ, ਉਨ੍ਹਾਂ ਨੇ ਆਪਣੇ ਰੁੱਝੇਵਿਆਂ ਭਰੇ ਸਮੇਂ ਵਿੱਚੋਂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਦੇ ਅਰਥਾਂ ਦੀ ਸੋਲ੍ਹਾਂ ਭਾਗਾਂ ਵਿਚ ਸਟੀਕ ਕਲਮ ਵੱਧ ਕਰਨ ਦਾ ਵੱਡਾ ਪਰ ਉਪਕਾਰ ਭਰਿਆ ਕਾਰਜ ਕੀਤਾ, ਜਿਸ ਤੋਂ ਆਉਣ ਵਾਲ਼ੇ ਸਮੇਂ ਵਿੱਚ ਵਿਦਿਅਰਥੀ, ਗਿਆਨੀ ਸਿੰਘ ਅਤੇ ਸੰਗਤਾਂ ਲਾਹੇ ਲੈ ਸਕਣਗੇ। ਇਸ ਦੌਰਾਨ ਗੁਰਬਾਣੀ ਤੇ ਤਰਕ ਕਰਨ ਵਾਲੇ ਅਤੇ ਪੰਥ ਵਿਰੋਧੀ ਕੁੱਝ ਕੁ ਸ਼ਰਾਰਤੀ ਅਨਸਰਾਂ ਵੱਲੋਂ ਬੇ-ਬੁਨਿਆਦ ਬਿਆਨਬਾਜੀ ਬਾਰੇ ਦੱਸਣਾ ਚਾਹੁੰਦੇ ਹਾਂ ਕਿ ਜੱਥੇਬੰਦੀ ਅਤੇ ਉਸ ਦਾ ਮੁਖੀ ਵੱਖ ਵੱਖ ਨਹੀਂ ਹੁੰਦੇ। ਜਿਹੜੇ ਜੱਥੇਬੰਦੀ ਦਾ ਹਿੱਸਾ ਹੀ ਨਹੀਂ ਹਨ, ਉਨ੍ਹਾਂ ਵੱਲੋਂ ਜੱਥੇਬੰਦੀ ਬਾਰੇ ਫੈਸਲੇ ਲੈਣ ਦੀਆਂ ਗੱਲਾਂ ਇੱਕ ਹੋਸ਼ੇਪਨ ਅਤੇ ਅਗਿਆਨਤਾ ਦਾ ਸਬੂਤ ਤੋਂ ਵੱਧ ਕੁੱਝ ਨਹੀਂ ਹਨ। ਇਹਨਾਂ ਸ਼ਰਾਰਤੀ ਅਨਸਰਾਂ ਨੇ ਬੇ-ਬੁਨਿਯਾਦ ਅਤੇ ਝੂਠੇ ਦੋਸ਼ ਲਾਕੇ ਪੰਥ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਜਿੰਨਾਂ ਦਾ ਕੋਈ ਵੀ ਆਧਾਰ ਨਹੀਂ ਹੈ। ਅਸੀਂ ਇਹਨਾਂ ਦੋਸ਼ਾਂ ਨੂੰ ਮੁੱਢ ਤੋਂ ਹੀ ਰੱਦ ਕਰਦੇ ਹਾਂ। ਸਿਰਫ ਸੁਣੀਆਂ ਸੁਣਾਈਆਂ ਗੱਲਾਂ ਦੇ ਆਧਾਰ ਤੇ ਕਿਸੇ ਵੀ ਪੰਥਕ ਆਗੂ ਜਾਂ ਕਿਸੇ ਵੀ ਪੰਥਕ ਸਖਸ਼ਿਅਤ ਤੇ ਇਹੋ ਜਿਹੇ ਇਲਜ਼ਾਮ ਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਇਸ ਫੇਰੀ ਦੇ ਅੰਤ ਵਿਚ ਨਿਊਯਾਰਕ ਅਤੇ ਨਿਊਜਰਸੀ ਦੀਆਂ ਸਮੂਹ ਸੰਗਤਾਂ, ਗੁਰਦੁਆਰਾ ਸਾਹਿਬ ਕਮੇਟੀਆਂ ਅਤੇ ਜੱਥੇਬੰਦੀਆਂ ਵਲੋਂ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨੂੰ ਦੀਵਾਨਾਂ ਦੀ ਸਮਾਪਤੀ ਉਪਰੰਤ ਭਾਵਭਿੰਨੀ ਵਿਦਾਇਗੀ ਦਿੱਤੀ ਗਈ। ਜੱਥੇਬੰਦੀਆਂ ਦੇ ਆਗੂ ਸਾਹਿਬਾਨ ਅਤੇ ਸਿੱਖ ਸੰਗਤ ਨੇ ਮਹਾਂਪੁਰਖਾਂ ਦਾ ਰੋਮ ਰੋਮ ਕਰਕੇ ਧੰਨਵਾਦ ਕੀਤਾ, ਅਤੇ ਭਵਿੱਖ ਵਿੱਚ ਤਨ ਮਨ ਧਨ ਦੁਆਰਾ ਸੇਵਾਵਾਂ ਨਿਭਾਉਣ ਲਈ ਬਚਨਵੱਧਤਾ ਦੁਹਰਾਈ। ਉਨ੍ਹਾਂ ਦੇ ਮਾਨ ਸਨਮਾਨ ਬਹਾਲ ਰੱਖਣ, ਅੱਗੇ ਲਈ ਹੋਣ ਵਾਲ਼ੇ ਦੀਵਾਨਾਂ ਲਈ ਉਡੀਕ, ਆਮਦ ਉੱਤੇ ਹਮੇਸ਼ਾਂ ਹੀ ਤਹਿ ਦਿਲੋਂ ਸਵਾਗਤ ਅਤੇ ਵੱਡੇ ਪੱਧਰ ‘ਤੇ ਸਮਾਗਮ ਉਲੀਕਣ ਦੀਆਂ ਸੰਭਾਵਨਾਂ ਵੀ ਜਤਾਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਗੋਲਡ ਮੈਡਲ ਨਾਲ ਸਨਮਾਨ























## ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਗੋਲਡ ਮੈਡਲ ਨਾਲ ਸਨਮਾਨ














ਆਵਾਜ਼ਿ ਕੌਮ AWAZE QAUM

### ਨਿਊਯਾਰਕ ਅਤੇ ਨਿਊਜਰਸੀ ਦੇ ਗੁਰਦੁਆਰਿਆਂ ਤੇ ਪੰਥਕ ਜਥੇਬੰਦੀਆਂ ਵੱਲੋਂ

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਗੋਲਡ ਮੈਡਲ ਨਾਲ ਸਨਮਾਨ











